
People's Herald



# "ਇਕੁਐਲਿਟੀ ਐਂਡ ਜਸਟਿਸ"

Rs- 160/month

https://www.facebook.com/profile.php?id=161037521061610

ਪਟਿਆਲਾ

"Equality and Justice"

स्वतंत्रता, समानता, भाईचारा

People's Herald



PATIALA On line paper 08 ਜਨਵਰੀ 2026 ਵੀਰਵਾਰ "ਰੋਜ਼ਾਨਾ" ਪੰਜਵਾ ਸਾਲ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay91-9463601616 HARDIP SINGH STATE BANK OF INDIA ACCT NO-10566643658 . IFSC- SBIN0050773

## ਕੇਂਦਰ ਸਰਕਾਰ ਖੁਦ ਮਨਰੇਗਾ ਅਧੀਨ 50 ਦਿਨਾਂ ਤੋਂ ਵੱਧ ਅਚੀਵ ਨਹੀਂ ਕਰ ਸਕੀ, ਤਾਂ 125 ਦਿਨਾਂ ਦੀ ਰੁਜ਼ਗਾਰ ਗਰੰਟੀ ਕਿਵੇਂ ਪ੍ਰਾਪਤ ਹੋਵੇਗੀ?

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ INTERNATIONAL PAPER, 94636 01616 hardipchumber57@gmail.com

ਚੰਡੀਗੜ੍ਹ: ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਤਲਬ ਕਰਨ ਦੇ ਸੰਬੰਧ ਵਿੱਚ, ਸਾਬਕਾ ਸਿੱਖਿਆ ਮੰਤਰੀ ਅਤੇ ਵਿਧਾਇਕ ਪਰਗਟ ਸਿੰਘ ਨੇ ਕਿਹਾ ਕਿ ਇਹ ਕਿਸੇ ਵੀ ਪਾਸੇ ਸਿਆਣਪ ਵਾਲਾ ਫੈਸਲਾ ਨਹੀਂ ਸੀ। ਸਰਕਾਰ ਨੂੰ ਇਸ ਵਿੱਚ ਸ਼ਾਮਲ ਨਹੀਂ ਹੋਣਾ ਚਾਹੀਦਾ, ਕਿਉਂਕਿ ਇਹ ਬੇਅਦਬੀ ਦਾ ਮੁੱਦਾ ਨਹੀਂ ਹੈ।

ਅਸਲ ਬੇਅਦਬੀ ਬਰਗਾੜੀ ਅਤੇ ਬਹਿਬਲ ਕਲਾਂ ਵਿੱਚ ਹੋਈ। ਡੇਰਾ ਸੌਦਾ ਦੇ ਖਿਲਾਫ ਮੁਕੱਦਮਾ ਚਲਾਉਣ ਦੀ ਪ੍ਰਵਾਨਗੀ ਦੇਣ ਦਾ ਦਾਅਵਾ ਕਰਨ ਦੇ ਬਾਵਜੂਦ, ਪੰਜਾਬ ਸਰਕਾਰ ਨੇ ਇਸ 'ਤੇ ਕੋਈ ਕਾਰਵਾਈ ਨਹੀਂ ਕੀਤੀ। ਸਰਕਾਰ ਉੱਥੇ ਕੰਮ ਨਹੀਂ ਕਰਨਾ ਚਾਹੁੰਦੀ ਜਿੱਥੇ ਬੇਅਦਬੀ ਹੋਈ ਹੈ। ਇਹ ਉਸ ਚੀਜ਼ 'ਤੇ ਰਾਜਨੀਤੀ ਕਿਉਂ ਕਰ ਰਹੀ ਹੈ ਜੋ ਅਸਲ ਵਿੱਚ ਉਨ੍ਹਾਂ ਦਾ ਅੰਦਰੂਨੀ ਮਾਮਲਾ ਹੈ? ਇਸ ਸਰਕਾਰ ਦੀਆਂ ਕਾਰਵਾਈਆਂ ਦੇਸ਼, ਸਮਾਜ ਅਤੇ ਸਿੱਖ ਭਾਈਚਾਰੇ ਲਈ ਚੰਗੀਆਂ ਨਹੀਂ ਹਨ।

ਮਨਰੇਗਾ ਕਾਨੂੰਨ ਵਿੱਚ ਬਦਲਾਅ ਅਤੇ ਭ੍ਰਿਸ਼ਟਾਚਾਰ ਬਾਰੇ ਸਾਬਕਾ ਸਿੱਖਿਆ ਮੰਤਰੀ ਪਰਗਟ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਅਸਲੀਅਤ ਇਹ ਹੈ ਕਿ ਉਨ੍ਹਾਂ ਦੇ ਕਾਰਜਕਾਲ ਦੌਰਾਨ ਵੀ 100 ਦਿਨਾਂ ਵਿੱਚੋਂ 50 ਤੋਂ ਵੱਧ ਪ੍ਰਾਪਤ ਨਹੀਂ ਹੋਏ। ਹੁਣ, ਇਸਨੂੰ ਵਧਾ ਕੇ 125 ਦਿਨ ਕਰ ਦਿੱਤਾ ਗਿਆ ਹੈ। ਨਤੀਜੇ ਵਜੋਂ, ਇਹ ਯੋਜਨਾ ਜ਼ਿਆਦਾ ਦੇਰ ਤੱਕ ਟਿਕਾਊ ਨਹੀਂ ਰਹੇਗੀ। ਕੇਂਦਰ ਸਰਕਾਰ ਨੂੰ 100 ਦਿਨਾਂ ਨੂੰ ਪ੍ਰਾਪਤ ਕਰਨ ਲਈ ਪਹਿਲਾਂ ਕੰਮ ਕਰਨਾ ਚਾਹੀਦਾ ਸੀ ਅਤੇ ਇਸਨੂੰ ਆਸਾਨ ਬਣਾਉਣਾ ਚਾਹੀਦਾ ਸੀ। ਇਸਨੂੰ ਭ੍ਰਿਸ਼ਟਾਚਾਰ 'ਤੇ ਸ਼ਿਕੰਜਾ ਕੱਸਣਾ ਚਾਹੀਦਾ ਸੀ। ਇਸ ਦੌਰਾਨ, ਪੰਜਾਬ ਸਰਕਾਰ ਨੇ ਪਿਛਲੇ ਤਿੰਨ ਸਾਲਾਂ ਵਿੱਚ ਔਸਤਨ ਸਿਰਫ 38 ਦਿਨ ਪ੍ਰਾਪਤ ਕੀਤੇ ਹਨ, ਅਤੇ ਇਸ ਸਾਲ ਸਿਰਫ 26 ਦਿਨ ਪ੍ਰਾਪਤ ਹੋਏ ਹਨ।

ਪਿਛਲੇ ਸਾਲ, ਮਨਰੇਗਾ 'ਤੇ ਕੁੱਲ 99,000 ਕਰੋੜ ਰੁਪਏ ਖਰਚ ਕੀਤੇ ਗਏ ਸਨ, ਜਿਸ ਵਿੱਚੋਂ 10,000 ਕਰੋੜ ਰੁਪਏ ਰਾਜ ਸਰਕਾਰਾਂ ਨੇ ਯੋਗਦਾਨ ਪਾਇਆ ਸੀ। ਪੰਜਾਬ ਬਾਰੇ, ਮਨਰੇਗਾ 'ਤੇ 1,450 ਕਰੋੜ ਰੁਪਏ ਖਰਚ ਕੀਤੇ ਗਏ ਸਨ, ਜਿਸ ਵਿੱਚੋਂ ਪੰਜਾਬ ਦਾ ਹਿੱਸਾ 99 ਕਰੋੜ ਰੁਪਏ ਸੀ। ਜੇਕਰ ਇਸ ਸਾਲ ਵੀ ਇਹੀ ਕੰਮ ਕੀਤਾ ਜਾਂਦਾ ਹੈ, ਤਾਂ ਪੰਜਾਬ ਦਾ ਹਿੱਸਾ 550 ਕਰੋੜ ਰੁਪਏ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੁਆਰਾ ਬੇਰੁਜ਼ਗਾਰਾਂ ਅਤੇ ਗਰੀਬ ਔਰਤਾਂ ਨੂੰ ਰੁਜ਼ਗਾਰ ਦੇਣ ਲਈ ਬਣਾਈ ਗਈ ਇੱਕ ਯੋਜਨਾ ਸੀ। ਦੇਸ਼ ਭਰ ਦੇ 22 ਕਰੋੜ ਲੋਕ ਇਸ ਵਿੱਚ ਸ਼ਾਮਲ ਹਨ।

ਪਰਗਟ ਸਿੰਘ ਨੇ ਨਸ਼ਿਆਂ ਵਿਰੁੱਧ ਜੰਗ 'ਤੇ ਵੀ ਚੁਟਕੀ ਲਈ। ਉਨ੍ਹਾਂ ਕਿਹਾ ਕਿ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਅੱਜ ਜਲੰਧਰ ਵਿੱਚ ਨਸ਼ਾ ਖਾਤਮੇ ਮੁਹਿੰਮ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ ਹੈ। ਕੀ ਕੇਜਰੀਵਾਲ ਦੱਸ ਸਕਦੇ ਹਨ ਕਿ ਪਹਿਲੇ ਪੜਾਅ ਵਿੱਚ ਕਿ ਨਸ਼ਾ ਖਤਮ ਕੀਤਾ ਗਿਆ ਹੈ, ਅਤੇ ਦੂਜਾ ਪੜਾਅ ਕਿਉਂ ਸ਼ੁਰੂ ਕੀਤਾ ਗਿਆ ਹੈ? ਪੰਜਾਬ ਸਰਕਾਰ ਸਿਰਫ਼ ਇੱਕ ਹਫ਼ਤੇ ਜਾਂ ਦਸ ਦਿਨਾਂ ਲਈ ਚੱਲਣ ਵਾਲੀਆਂ ਇਕਰਾਰਨਾਮੇ ਦੀਆਂ ਸਕ੍ਰਿਪਟਾਂ ਤਿਆਰ ਕਰਦੀ ਹੈ।

ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਉਹ ਜੋ ਵੀ ਚਾਹੁੰਦੀ ਹੈ,



ਉਹ ਛੇ ਮਹੀਨਿਆਂ ਵਿੱਚ ਕੀਤਾ ਜਾ ਸਕਦਾ ਹੈ; ਪੰਜਾਬ ਦੇ ਲੋਕ ਪਹਿਲਾਂ ਹੀ ਨਿਰਾਸ਼ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਉਦੋਂ ਹੀ ਚੰਗੀ ਹੁੰਦੀ ਹੈ ਜਦੋਂ ਅਪਰਾਧ ਕਰਨ ਵਾਲਿਆਂ ਨੂੰ ਸਜ਼ਾ ਦਿੱਤੀ ਜਾਂਦੀ ਹੈ, ਅਤੇ ਜੋ ਅਪਰਾਧ ਨਹੀਂ ਕਰਦੇ ਉਹ ਚੰਗੀ ਜ਼ਿੰਦਗੀ ਜੀਉਂਦੇ ਹਨ। ਹਾਲਾਂਕਿ, 'ਆਪ' ਸਰਕਾਰ ਨੇ ਪੰਜਾਬ ਨੂੰ ਪੁਲਿਸ ਰਾਜ ਵਿੱਚ ਬਦਲ ਦਿੱਤਾ ਹੈ। ਪੁਲਿਸ ਸਰਕਾਰ ਦੀਆਂ ਕਠਪੁਤਲੀਆਂ ਵਜੋਂ ਕੰਮ ਕਰ ਰਹੀ ਹੈ, ਜੋ ਕਿ ਸੂਬੇ ਅਤੇ ਦੇਸ਼ ਲਈ ਚੰਗਾ ਨਹੀਂ ਹੈ।

ਵੈਨੇਜ਼ੁਏਲਾ ਨਾਲ ਅਮਰੀਕਾ ਦੀਆਂ ਕਾਰਵਾਈਆਂ ਅਤੇ ਭਾਰਤ 'ਤੇ ਟੈਰਿਫ ਵਧਾਉਣ ਦੀਆਂ ਧਮਕੀਆਂ ਬਾਰੇ, ਪਰਗਟ ਸਿੰਘ ਨੇ ਕਿਹਾ ਕਿ ਜਿਓ ਰਾਜਨੀਤੀ ਇਸ ਸਮੇਂ ਬਹੁਤ ਖਤਰਨਾਕ ਮੋੜ ਵਿੱਚ ਹੈ। ਇਹ ਬਹੁਤ ਗਲਤ ਦਿਸ਼ਾ ਵੱਲ ਜਾ ਰਿਹਾ ਹੈ। ਅਮਰੀਕਾ ਨੂੰ ਅਜਿਹਾ ਨਹੀਂ ਕਰਨਾ ਚਾਹੀਦਾ ਸੀ।

## ਟਰੰਪ ਦੀਆਂ ਟਿੱਪਣੀਆਂ ਤੋਂ ਬਾਅਦ ਰਾਹੁਲ ਗਾਂਧੀ ਨੇ ਸਰਕਾਰ 'ਤੇ ਤਨਜ਼ ਕੱਸਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ INTERNATIONAL PAPER, 94636 01616 hardipchumber57@gmail.com

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਟੈਰਿਫ (ਟੈਕਸ) ਬਾਰੇ ਕੀਤੀਆਂ ਤਾਜ਼ਾ ਟਿੱਪਣੀਆਂ ਤੋਂ ਬਾਅਦ ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਬੁੱਧਵਾਰ ਨੂੰ ਕੇਂਦਰ ਸਰਕਾਰ 'ਤੇ ਤਿੱਖਾ ਨਿਸ਼ਾਨਾ ਸਾਧਿਆ। ਰਾਹੁਲ ਗਾਂਧੀ ਨੇ ਇੱਕ ਪੁਰਾਣੀ ਵੀਡੀਓ ਸਾਂਝੀ ਕੀਤੀ ਜਿਸ ਵਿੱਚ ਉਨ੍ਹਾਂ ਨੇ ਦੱਸਿਆ ਕਿ ਕਿਵੇਂ 1971 ਵਿੱਚ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਅਮਰੀਕਾ ਦੇ ਦਬਾਅ ਦਾ ਡਟ ਕੇ ਸਾਹਮਣਾ ਕੀਤਾ ਸੀ।

ਟਰੰਪ ਨੇ ਮੰਗਲਵਾਰ ਨੂੰ ਕਿਹਾ ਸੀ ਕਿ ਪ੍ਰਧਾਨ ਮੰਤਰੀ ਮੋਦੀ ਉਨ੍ਹਾਂ ਤੋਂ "ਬਹੁਤ ਖੁਸ਼ ਨਹੀਂ ਹਨ" ਕਿਉਂਕਿ ਵਾਸ਼ਿੰਗਟਨ ਨੇ ਰੂਸੀ ਤੇਲ ਦੀ ਖਰੀਦ ਕਾਰਨ ਭਾਰਤ 'ਤੇ ਭਾਰੀ ਟੈਰਿਫ ਲਗਾਏ ਹਨ। ਟਰੰਪ ਨੇ ਇਹ ਦਾਅਵਾ ਵੀ ਕੀਤਾ ਕਿ ਮੋਦੀ ਨੇ ਉਨ੍ਹਾਂ ਨੂੰ ਮਿਲਣ ਦੀ ਬੇਨਤੀ ਕੀਤੀ ਸੀ। ਰਾਹੁਲ ਗਾਂਧੀ ਨੇ ਐਕਸ (X) 'ਤੇ ਲਿਖਿਆ, "ਫਰਕ ਸਮਝੋ, ਸਰ ਜੀ!" ਅਤੇ ਆਪਣੀ ਉਹ ਵੀਡੀਓ ਸਾਂਝੀ ਕੀਤੀ ਜਿਸ ਵਿੱਚ ਉਨ੍ਹਾਂ ਇਲਜ਼ਾਮ ਲਾਇਆ ਸੀ ਕਿ ਭਾਰਤ-ਪਾਕਿਸਤਾਨ ਫੌਜੀ ਟਕਰਾਅ ਦੌਰਾਨ ਟਰੰਪ ਦੇ ਇੱਕ ਫੋਨ ਤੋਂ ਬਾਅਦ ਪੀਐਮ ਮੋਦੀ ਨੇ ਗੋਡੇ ਟੇਕ ਦਿੱਤੇ ਸਨ, ਜਦਕਿ 1971 ਦੀ ਜੰਗ ਵਿੱਚ ਅਮਰੀਕਾ ਦੇ ਸੱਤਵੇਂ ਬੇੜੇ (Seventh Fleet) ਭੇਜਣ ਦੇ ਬਾਵਜੂਦ ਇੰਦਰਾ ਗਾਂਧੀ ਨਹੀਂ ਝੁਕੀ ਸੀ।

ਕਾਂਗਰਸ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਵੀ 'ਨਮਸਤੇ ਟਰੰਪ' ਅਤੇ 'ਹਾਊਡੀ ਮੋਦੀ' ਵਰਗੇ ਪ੍ਰੋਗਰਾਮਾਂ 'ਤੇ ਚੁਟਕੀ ਲੈਂਦਿਆਂ ਪੁੱਛਿਆ ਕਿ ਹੁਣ ਅੱਗੇ ਕੀ ਹੋਵੇਗਾ? ਟਰੰਪ ਨੇ ਭਾਰਤ 'ਤੇ 50 ਫੀਸਦੀ ਟੈਕਸ ਲਗਾਇਆ ਹੈ ਅਤੇ ਅਪਾਚੇ ਹੈਲੀਕਾਪਟਰਾਂ ਦੀ ਸਪਲਾਈ ਵਿੱਚ ਦੇਰੀ ਦਾ ਵੀ ਜ਼ਿਕਰ ਕੀਤਾ ਹੈ।

## ਅਮਰੀਕਾ ਨੇ ਕੁੱਲ 209 ਭਾਰਤੀਆਂ ਨੂੰ ਡਿਪੋਰਟ ਕੀਤਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ INTERNATIONAL PAPER, 94636 01616 hardipchumber57@gmail.com

ਮਰੀਕਾ ਤੋਂ ਅੱਜ ਹੋਰ ਭਾਰਤੀਆਂ ਨੂੰ ਡਿਪੋਰਟ (Breaking) ਕੀਤਾ ਗਿਆ ਹੈ। ਜਿਨ੍ਹਾਂ 'ਚ ਇੱਕ ਗੈਂਗਸਟਰ ਵੀ ਸ਼ਾਮਿਲ ਹੈ। ਮਿਲੀ ਜਾਣਕਾਰੀ ਅਨੁਸਾਰ ਅਮਰੀਕਾ ਤੋਂ ਕੁੱਲ 209 ਭਾਰਤੀਆਂ ਨੂੰ ਡਿਪੋਰਟ ਕੀਤਾ ਹੈ। ਇਨ੍ਹਾਂ 'ਚ ਇੱਕ ਗੈਂਗਸਟਰ ਅਮਨ ਭੈਂਸਵਾਲ ਵੀ ਸ਼ਾਮਿਲ ਹੈ।

ਮਿਲੀ ਜਾਣਕਾਰੀ ਅਨੁਸਾਰ ਗੈਂਗਸਟਰ ਅਮਨ ਭੈਂਸਵਾਲ ਨੂੰ ਆਉਂਦਿਆਂ ਹੀ STF ਨੇ ਦਿੱਲੀ ਹਵਾਈ ਅੱਡੇ



ਤੋਂ ਹਿਰਾਸਤ 'ਚ ਲੈ ਲਿਆ ਹੈ। ਅਮਨ ਭੈਂਸਵਾਲ ਜੋ ਕਿ ਕਈ ਸੰਗੀਨ ਜ਼ੁਰਮਾਂ ਵਿੱਚ ਲੋੜੀਂਦਾ ਸੀ, ਅੱਜ ਅਮਰੀਕਾ ਤੋਂ ਡਿਪੋਰਟ ਹੋ ਕੇ ਦਿੱਲੀ ਹਵਾਈ ਅੱਡੇ 'ਤੇ ਪਹੁੰਚਿਆ। ਇਸ ਦੌਰਾਨ ਹਰਿਆਣਾ ਪੁਲਸ ਦੀ STF ਦੀ ਟੀਮ ਨੇ ਅਮਨ ਭੈਂਸਵਾਲ ਨੂੰ ਆਪਣੀ ਹਿਰਾਸਤ ਵਿੱਚ ਲੈ ਲਿਆ। ਸੁਰੱਖਿਆ ਦੇ ਮੱਦੇਨਜ਼ਰ ਏਅਰਪੋਰਟ ਦੇ ਬਾਹਰ ਭਾਰੀ ਪੁਲਸ ਬਲ ਤਾਇਨਾਤ ਕੀਤਾ ਗਿਆ ਸੀ। ਇਹ ਸਾਰੇ ਡਿਪੋਰਟ ਕੀਤੇ ਭਾਰਤੀ ਅੱਜ ਦਿੱਲੀ ਹਵਾਈ ਅੱਡੇ 'ਤੇ ਉਤਰੇ।

ਸੋਨੀਪਤ ਦੇ ਪਿੰਡ ਭੈਂਸਵਾਲ ਕਲਾਂ ਦਾ ਰਹਿਣ ਵਾਲਾ ਅਮਨ ਭੈਂਸਵਾਲ ਵਿਰੁੱਧ ਕਤਲ ਅਤੇ ਜਬਰੀ ਵਸੂਲੀ ਸਮੇਤ 10 ਤੋਂ ਵੱਧ ਗੰਭੀਰ ਅਪਰਾਧਿਕ ਮਾਮਲੇ ਦਰਜ ਹਨ। ਪੁਲਿਸ ਜਾਂਚ ਤੋਂ ਪਤਾ ਲੱਗਾ ਹੈ ਕਿ ਅਮਨ ਨੇ ਇੱਕ ਜਾਅਲੀ ਪਤੇ 'ਤੇ ਪਾਸਪੋਰਟ ਪ੍ਰਾਪਤ ਕੀਤਾ ਅਤੇ 2025 ਵਿੱਚ ਅਮਰੀਕਾ ਭੱਜ ਗਿਆ ਸੀ।

ਜਦੋਂ ਤੋਂ ਟਰੰਪ ਨੇ ਸੱਤਾ ਸੰਭਾਲੀ ਹੈ ਉਸ ਤੋਂ ਬਾਅਦ ਗੈਰ ਕਾਨੂੰਨੀ ਪ੍ਰਵਾਸੀਆਂ 'ਤੇ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਨੂੰ ਉੱਥੇ ਰੱਖਣ ਦੀ ਥਾਂ ਉਨ੍ਹਾਂ ਦੇ ਮੂਲ ਦੇਸ਼ 'ਚ ਡਿਪੋਰਟ (Breaking) ਕੀਤਾ ਜਾ ਰਿਹਾ ਹੈ। ਇਸ ਤੋਂ ਪਹਿਲਾਂ ਵੀ ਅਮਰੀਕਾ ਤੋਂ ਡਿਪੋਰਟ ਕੀਤੇ ਗਏ ਭਾਰਤੀ ਵਾਪਿਸ ਆਏ ਹਨ।

## ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੀ ਟੀਮ ਵੱਲੋਂ ਪਿੰਡ ਘਟੌਰ ਜ਼ਿਲ੍ਹਾ ਮੋਹਾਲੀ ਦਾ ਸਰਵੇਖਣ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ INTERNATIONAL PAPER, 94636 01616 hardipchumber57@gmail.com

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਫਾਰਮ ਸਲਾਹਕਾਰ ਸੇਵਾ ਕੇਂਦਰ ਮੋਹਾਲੀ ਅਤੇ ਯੂਨੀਵਰਸਿਟੀ ਦੀ ਸਬਜੀ ਵਿਭਾਗ ਦੀ ਟੀਮ ਵੱਲੋਂ ਪਿੰਡ ਘਟੌਰ ਦਾ ਦੌਰਾ ਕਰਕੇ ਜਾਗਰੂਕਤਾ ਕੈਂਪ ਲਾਇਆ ਗਿਆ। ਇਹ ਦੌਰਾ ਪਿੰਡ ਵਿੱਚ ਸਬਜ਼ੀ ਦੀ ਕਾਸ਼ਤ ਕਰਦੇ ਕਿਸਾਨਾਂ ਵੱਲੋਂ ਮੂਲੀ ਤੇ ਚੁਕੰਦਰ ਉੱਤੇ ਭੂਰੇ ਰੰਗ ਦੇ ਧੱਬੇ ਆਉਣ ਅਤੇ ਉਹਨਾਂ ਦਾ ਆਕਾਰ ਵੀ ਬੇਢੱਬਾ ਹੋਣ ਦੀ ਚਿੰਤਾ ਜ਼ਾਹਿਰ ਕਰਨ ਦੇ ਮੱਦੇਨਜ਼ਰ ਕੀਤਾ ਗਿਆ।

ਟੀਮ ਵੱਲੋਂ ਵੱਖ ਵੱਖ ਕਿਸਾਨਾਂ ਦੇ ਖੇਤਾਂ ਵਿੱਚ ਜਾ ਕੇ ਉਹਨਾਂ ਨਾਲ ਗੱਲਬਾਤ ਕੀਤੀ ਗਈ। ਕਿਸਾਨਾਂ ਨੂੰ ਇਸ ਸਮੱਸਿਆ ਦਾ ਹੱਲ ਦਿੱਤਾ ਗਿਆ। ਮਿੱਟੀ ਦੇ ਨਮੂਨੇ ਵੀ ਲਏ ਗਏ। ਨਿਰੀਖਣ ਦੌਰਾਨ



ਕਣਕ ਦੇ ਕਾਫੀ ਖੇਤਾਂ ਵਿੱਚ ਮੈਂਗਨੀਜ਼ ਦੀ ਘਾਟ ਵੀ ਪਾਈ ਗਈ। ਕਣਕ ਵਿੱਚ ਆ ਰਹੀ ਮੈਂਗਨੀਜ਼ ਦੀ ਘਾਟ ਬਾਰੇ ਜਾਗਰੂਕ ਕਰਨ ਲਈ ਫਾਰਮ ਸਲਾਹਕਾਰ ਸੇਵਾ ਕੇਂਦਰ, ਮੋਹਾਲੀ ਵੱਲੋਂ ਪਿੰਡ ਘਟੌਰ ਵਿਖੇ ਕੈਂਪ ਲਗਾਇਆ ਗਿਆ ਜਿਸ ਵਿੱਚ ਲਗਭਗ 50 ਕਿਸਾਨਾਂ ਨੇ ਭਾਗ ਲਿਆ।

ਕੈਂਪ ਦੀ ਸ਼ੁਰੂਆਤ ਕਰਦਿਆਂ ਹੋਇਆਂ ਡਾ. ਰਮਿੰਦਰ ਘੁੰਮਣ (ਡੀ. ਈ. ਐਸ. ਫ਼ਸਲ ਵਿਗਿਆਨ) ਨੇ ਕਿਸਾਨਾਂ ਨੂੰ ਕਣਕ ਦੀ ਫ਼ਸਲ ਵਿੱਚ ਨਦੀਨਾਂ ਖਾਸ ਕਰਕੇ ਗੁੱਲੀ ਡੰਡੇ ਦੇ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ। ਉਹਨਾਂ ਨੇ ਕਿਸਾਨਾਂ ਨੂੰ ਕਣਕ ਵਿੱਚ ਮੈਂਗਨੀਜ਼ ਦੀ ਘਾਟ ਦੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ ਅਤੇ ਮੈਂਗਨੀਜ਼ ਸਲਫੇਟ ਦੀ ਵਰਤੋਂ ਕਰਕੇ ਇਸ ਦੀ ਘਾਟ ਨੂੰ ਪੂਰਾ ਕਰਨ ਲਈ ਕਿਹਾ। ਉਹਨਾਂ ਨੇ ਕਣਕ ਵਿੱਚ ਪੋਟਾਸ਼ਿਅਮ ਨਾਈਟਰੇਟ ਦੀ ਵਰਤੋਂ ਬਾਰੇ ਵੀ ਜਾਣਕਾਰੀ ਦਿੱਤੀ।

ਡਾ. ਅਵਨੀਤ ਕੌਰ (ਡੀ. ਈ. ਐਸ. ਫਲ ਵਿਗਿਆਨ) ਨੇ ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਨੂੰ ਅਪਨਾਉਣ ਲਈ ਪ੍ਰੇਰਨਾ ਦਿੰਦਿਆਂ ਹੋਇਆਂ ਬਾਗਬਾਨੀ ਅਤੇ ਸਬਜੀਆਂ ਦੀ ਕਾਸ਼ਤ ਕਰਨ ਲਈ ਕਿਹਾ। ਉਹਨਾਂ ਨੇ ਕਿਸਾਨਾਂ ਨੂੰ ਪਤਝੜੀ ਬੂਟਿਆਂ ਦੀ ਕਾਂਟ ਛਾਂਟ ਬਾਰੇ ਅਤੇ ਫਲਦਾਰ ਬੂਟੇ ਲਗਾਉਣ ਦੇ ਢੰਗ ਅਤੇ ਸਾਂਭ ਸੰਭਾਲ ਬਾਰੇ ਜਾਣਕਾਰੀ ਦਿੱਤੀ।

ਖੇਤੀਬਾੜੀ ਮਹਿਕਮੇ ਤੋਂ ਆਏ ਖੇਤੀਬਾੜੀ ਵਿਕਾਸ ਅਫਸਰ ਡਾ. ਗੁਰਜੀਤ ਸਿੰਘ ਸਿੱਧੂ ਨੇ ਕਿਸਾਨਾਂ ਨੂੰ ਸਹਾਇਕ ਕਿੱਤਿਆਂ ਨੂੰ ਅਪਨਾਉਣ ਲਈ ਪ੍ਰੇਰਨਾ ਦਿੱਤੀ ਅਤੇ ਵੱਖ-ਵੱਖ ਕਿੱਤਾ ਮੁਖੀ ਸਿਖਲਾਈ ਕੋਰਸਾਂ ਬਾਰੇ ਜਾਣੂ ਕਰਵਾਇਆ। ਉਹਨਾਂ ਨੇ ਕਿਸਾਨਾਂ ਨੂੰ ਖੇਤੀਬਾੜੀ ਮਹਿਕਮੇ ਵੱਲੋਂ ਦਿੱਤੀ ਜਾਂਦੀਆਂ ਸਬਸਿਡੀਆਂ ਅਤੇ ਸਕੀਮਾਂ ਬਾਰੇ ਜਾਣੂ ਕਰਵਾਇਆ।

ਇਸ ਜਾਗਰੂਕਤਾ ਅਭਿਆਨ ਅਧੀਨ ਕਿਸਾਨਾਂ ਨੂੰ ਪ੍ਰਦਰਸ਼ਨੀਆਂ ਲਗਾਉਣ ਲਈ ਮੈਂਗਨੀਜ਼ ਸਲਫੇਟ ਵੀ ਮੁਹਈਆ ਕਰਵਾਇਆ ਗਿਆ। ਅੰਤ ਵਿੱਚ ਕਿਸਾਨਾਂ ਨੇ ਵਿਗਿਆਨੀਆਂ ਨਾਲ ਵਿਚਾਰ-ਵਟਾਂਦਰਾ ਕਰਕੇ ਆਪਣੀਆਂ ਸਮੱਸਿਆਵਾਂ ਬਾਰੇ ਚਰਚਾ ਕੀਤੀ। ਕੈਂਪ ਦਾ ਅਖੀਰ ਨਿਯਮਤ ਸੁਝਾਵਾਂ ਅਤੇ ਧੰਨਵਾਦ ਨਾਲ ਕੀਤਾ ਗਿਆ।

# ਜਾਤੀ ਨਹੀਂ, ਮੈਰਿਟ ਅਧਾਰ ਹੈ — ਜਨਰਲ ਕੈਟੇਗਰੀ ਬਾਰੇ ਸੁਪਰੀਮ ਕੋਰਟ ਦਾ ਸਪੱਸ਼ਟ ਫ਼ੈਸਲਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ INTERNATIONAL PAPER, 9463601616 hardipchumber57@gmail.com

ਨਵੀਂ ਦਿੱਲੀ, 6 ਜਨਵਰੀ (ਏਜੰਸੀ): ਦੇਸ਼ ਦੀ ਸਿਖਰਲੀ ਅਦਾਲਤ ਸੁਪਰੀਮ ਕੋਰਟ ਨੇ ਜਨਰਲ (ਓਪਨ) ਕੈਟੇਗਰੀ ਨਾਲ ਸੰਬੰਧਿਤ ਇੱਕ ਮਹੱਤਵਪੂਰਨ ਅਤੇ ਦੂਰਗਾਮੀ ਅਸਰ ਵਾਲਾ ਫ਼ੈਸਲਾ ਸੁਣਾਇਆ ਹੈ। ਅਦਾਲਤ ਨੇ ਸਾਫ਼ ਸ਼ਬਦਾਂ ਵਿੱਚ ਕਿਹਾ ਹੈ ਕਿ ਜਨਰਲ ਜਾਂ ਓਪਨ ਕੈਟੇਗਰੀ ਕਿਸੇ ਵੀ ਜਾਤ ਜਾਂ ਵਰਗ ਲਈ ਨਹੀਂ, ਸਗੋਂ ਸਿਰਫ਼ ਅਤੇ ਸਿਰਫ਼ ਮੈਰਿਟ ਦੇ ਅਧਾਰ 'ਤੇ ਹੁੰਦੀ ਹੈ।

ਸੁਪਰੀਮ ਕੋਰਟ ਨੇ ਫ਼ੈਸਲਾ ਦਿੰਦਿਆਂ ਕਿਹਾ ਕਿ ਜੇਕਰ ਕੋਈ ਉਮੀਦਵਾਰ, ਭਾਵੇਂ ਉਹ ਐਸ.ਸੀ., ਐਸ.ਟੀ., ਓ.ਬੀ.ਸੀ., ਐਮ.ਬੀ.ਸੀ. ਜਾਂ ਈ.ਡਬਲਿਊ.ਐਸ. ਵਰਗ ਨਾਲ ਸੰਬੰਧਤ ਕਿਉਂ ਨਾ ਹੋਵੇ, ਕਿਸੇ ਵੀ ਕਿਸਮ ਦੀ ਛੂਟ (ਰਿਆਇਤ) ਤੋਂ ਬਿਨਾਂ ਜਨਰਲ ਕਟ-ਆਫ਼ ਤੋਂ ਵੱਧ ਅੰਕ ਪ੍ਰਾਪਤ ਕਰਦਾ ਹੈ, ਤਾਂ ਉਸ ਨੂੰ ਜਨਰਲ ਕੈਟੇਗਰੀ ਦੀ ਸੀਟ ਉੱਤੇ ਹੀ ਸ਼ਾਮਲ ਕੀਤਾ ਜਾਣਾ ਲਾਜ਼ਮੀ ਹੈ।

ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਓਪਨ ਜਾਂ ਜਨਰਲ ਕੈਟੇਗਰੀ ਸਭ ਲਈ ਖੁੱਲ੍ਹੀ ਹੁੰਦੀ ਹੈ, ਚਾਹੇ ਉਮੀਦਵਾਰ ਕਿਸੇ ਵੀ ਜਾਤ, ਧਰਮ ਜਾਂ ਵਰਗ ਨਾਲ ਸੰਬੰਧਤ ਹੋਵੇ। ਜੇਕਰ ਰਾਖਵੇਂ ਵਰਗ ਦਾ ਉਮੀਦਵਾਰ ਆਪਣੀ ਯੋਗਤਾ ਅਤੇ ਮੈਰਿਟ ਦੇ ਆਧਾਰ 'ਤੇ ਜਨਰਲ ਕਟ-ਆਫ਼ ਪਾਰ ਕਰ ਲੈਂਦਾ ਹੈ, ਤਾਂ ਉਸ ਨੂੰ ਉਸ ਦੀ ਰਾਖਵੀਂ ਕੈਟੇਗਰੀ ਤੱਕ ਸੀਮਿਤ ਕਰਨਾ ਗ਼ਲਤ ਅਤੇ ਕਾਨੂੰਨ ਦੇ ਉਲਟ ਹੈ।

ਸੁਪਰੀਮ ਕੋਰਟ ਨੇ ਆਪਣੇ ਫ਼ੈਸਲੇ ਵਿੱਚ ਇੰਦਿਰਾ ਸਾਹਨੀ ਮਾਮਲੇ ਅਤੇ ਸੌਰਵ ਯਾਦਵ ਕੇਸ ਦਾ ਹਵਾਲਾ ਦਿੰਦਿਆਂ ਕਿਹਾ, "ਓਪਨ ਕੈਟੇਗਰੀ ਵਿੱਚ ਆਉਣ ਦੀ ਇਕੋ-ਇੱਕ ਸ਼ਰਤ ਮੈਰਿਟ ਹੈ। ਇਸ ਵਿੱਚ ਇਹ ਨਹੀਂ ਦੇਖਿਆ ਜਾਵੇਗਾ ਕਿ ਉਮੀਦਵਾਰ ਕਿਸ ਵਰਗ ਨਾਲ ਸਬੰਧਤ ਹੈ।"

ਇਹ ਫ਼ੈਸਲਾ ਰਾਜਸਥਾਨ ਹਾਈ ਕੋਰਟ ਦੀ ਭਰਤੀ ਨਾਲ ਜੁੜੇ ਮਾਮਲੇ ਦੀ ਸੁਣਵਾਈ ਦੌਰਾਨ ਸੁਣਾਇਆ ਗਿਆ ਹੈ, ਜਿਸ ਨਾਲ ਭਵਿੱਖ ਦੀਆਂ ਭਰਤੀਆਂ ਅਤੇ ਚੋਣ ਪ੍ਰਕਿਰਿਆਵਾਂ ਵਿੱਚ ਸਮਾਨਤਾ, ਨਿਆਂ ਅਤੇ ਮੈਰਿਟ ਅਧਾਰਿਤ ਪ੍ਰਣਾਲੀ ਨੂੰ ਹੋਰ ਮਜ਼ਬੂਤੀ ਮਿਲੇਗੀ।

# CM ਮਾਨ ਅਤੇ ਕੇਜਰੀਵਾਲ ਵੱਲੋਂ ਨਸ਼ਿਆਂ ਵਿਰੁੱਧ ਦੂਜੇ ਗੇੜ ਦੀ ਸ਼ੁਰੂਆਤ, "ਕਹਿਰ ਨਾਲ ਨਹੀਂ, ਲਹਿਰ ਨਾਲ ਜਿੱਤਾਂਗੇ ਲੜਾਈ"

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ INTERNATIONAL PAPER, 9463601616 hardipchumber57@gmail.com




ਭਗਵੰਤ ਮਾਨ

ਚੰਡੀਗੜ੍ਹ, 7 ਜਨਵਰੀ 2026: ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਦੂਜੇ ਗੇੜ ਦੀ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ। ਇਸ ਮੌਕੇ ਭਗਵੰਤ ਮਾਨ ਅਤੇ ਕੇਜਰੀਵਾਲ ਨੇ ਸਪੱਸ਼ਟ ਕੀਤਾ ਕਿ ਨਸ਼ਿਆਂ ਵਿਰੁੱਧ ਇਹ ਜੰਗ ਸਿਰਫ਼ ਪੁਲਿਸ ਦੀ ਸਖ਼ਤੀ ਨਾਲ ਨਹੀਂ, ਸਗੋਂ ਇੱਕ ਲੋਕ ਲਹਿਰ ਬਣਾ ਕੇ ਜਿੱਤੀ ਜਾਵੇਗੀ।

ਅਰਵਿੰਦ ਕੇਜਰੀਵਾਲ ਨੇ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਡਰੱਗਜ਼ ਖ਼ਿਲਾਫ਼ ਲੜਾਈ ਨੂੰ ਇੱਕ ਸਮਾਜਿਕ ਲਹਿਰ ਵਿੱਚ ਬਦਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਲੜਾਈ ਕਹਿਰ ਨਾਲ ਨਹੀਂ, ਸਗੋਂ ਲੋਕਾਂ ਦੀ ਲਹਿਰ ਨਾਲ ਲੜੀ ਜਾਵੇਗੀ। ਪੁਲਿਸ ਦੀ ਇਕੱਲੀ ਸਖ਼ਤੀ ਨਸ਼ਾ ਖ਼ਤਮ ਨਹੀਂ ਕਰ ਸਕਦੀ, ਇਸ ਲਈ ਆਮ ਲੋਕਾਂ ਦਾ ਸਹਿਯੋਗ ਲਾਜ਼ਮੀ ਹੈ।

**"ਨਸ਼ੇੜੀ ਮਰੀਜ਼ ਹੈ, ਮੁਲਜ਼ਮ ਨਹੀਂ":** ਮੁੱਖ ਮੰਤਰੀ ਭਗਵੰਤ ਮਾਨ ਨੇ ਵਿਰੋਧੀਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਡਰੱਗਜ਼ ਦੀ ਸਮੱਸਿਆ ਹਰ ਸੂਬੇ ਵਿੱਚ ਹੈ, ਪਰ ਸਿਰਫ਼ ਪੰਜਾਬ ਨੂੰ ਹੀ ਬਦਨਾਮ ਕੀਤਾ ਜਾ ਰਿਹਾ ਹੈ। ਮਾਨ ਨੇ ਕਿਹਾ ਕਿ ਗੁਜਰਾਤ ਵਿੱਚ ਕੁਇੰਟਲਾਂ ਦੇ ਹਿਸਾਬ ਨਾਲ ਨਸ਼ਾ ਫੜਿਆ ਜਾਂਦਾ ਹੈ, ਪਰ ਚਰਚਾ ਸਿਰਫ਼ ਪੰਜਾਬ ਦੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਨਸ਼ੇ ਦੇ ਆਦੀ ਨੌਜਵਾਨ ਮੁਲਜ਼ਮ ਨਹੀਂ, ਸਗੋਂ ਬੀਮਾਰ (ਮਰੀਜ਼) ਹਨ, ਜਿਨ੍ਹਾਂ ਨੂੰ ਇਲਾਜ ਅਤੇ ਹਮਦਰਦੀ ਦੀ ਲੋੜ ਹੈ। "ਬਾਕੀ ਸਾਰੇ ਕੰਮ ਬਾਅਦ ਵਿੱਚ, ਪਹਿਲਾਂ ਸਿਹਤ ਜ਼ਰੂਰੀ ਹੈ।" ਨਸ਼ਾ ਰੋਕਣ ਲਈ ਹੁਣ ਪਿੰਡਾਂ ਵਿੱਚ ਕਮੇਟੀਆਂ ਐਕਟਿਵ ਕੀਤੀਆਂ ਜਾਣਗੀਆਂ ਅਤੇ ਲੋਕਾਂ ਨੂੰ ਖੁਦ ਪਹਿਰੇ ਦੇਣੇ ਹੋਣਗੇ।

ਨਸ਼ਿਆਂ ਖ਼ਿਲਾਫ਼ ਇਸ ਲੜਾਈ ਨੂੰ ਵੱਡੇ ਪੱਧਰ 'ਤੇ ਲਿਜਾਇਆ ਜਾਵੇਗਾ। ਸਰਕਾਰ ਦਾ ਮਕਸਦ ਹੈ ਕਿ ਹਰ ਪਿੰਡ ਵਿੱਚ ਨੌਜਵਾਨਾਂ ਅਤੇ ਸੂਝਵਾਨ ਲੋਕਾਂ ਦੀਆਂ ਕਮੇਟੀਆਂ ਬਣਾਈਆਂ ਜਾਣ ਜੋ ਨਸ਼ਾ ਵੇਚਣ ਵਾਲਿਆਂ 'ਤੇ ਨਜ਼ਰ ਰੱਖਣ ਅਤੇ ਨਸ਼ਾ ਕਰਨ ਵਾਲਿਆਂ ਨੂੰ ਮੁੱਖ ਧਾਰਾ ਵਿੱਚ ਵਾਪਸ ਲਿਆਉਣ ਲਈ ਸਹਾਇਤਾ ਕਰਨ।

# ਮਨਰੇਗਾ ਨੂੰ ਖਤਮ ਕਰਨ ਲਈ ਕੇਂਦਰ ਦੀ ਭਾਜਪਾ ਸਰਕਾਰ ਖਿਲਾਫ ਅੱਜ ਰੋਸ ਪ੍ਰਦਰਸ਼ਨ ਦੇਵ ਮਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ INTERNATIONAL PAPER, 9463601616 hardipchumber57@gmail.com

ਨਾਭਾ 7 ਜਨਵਰੀ (ਬੇਅੰਤ ਸਿੰਘ ਰੋਹਟੀ ਖਾਸ) ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਮਨਰੇਗਾ ਨੂੰ ਖਤਮ ਕਰਕੇ ਗਰੀਬ ਅਤੇ ਦਲਿਤ ਵਰਗ ਨਾਲ ਕੀਤੇ ਧੱਕੇ ਦੇ ਖਿਲਾਫ ਅੱਜ 8 ਜਨਵਰੀ ਨੂੰ ਸਵੇਰੇ 11 ਵਜੇ ਪਟਿਆਲਾ ਗੇਟ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਦਿੱਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕਿਹਾ ਕਿ ਮਨਰੇਗਾ ਨੂੰ ਖ਼ਤਮ ਕਰਨਾ ਗਰੀਬਾਂ, ਪੇਂਡੂ ਮਜ਼ਦੂਰਾਂ ਅਤੇ ਪੰਜਾਬ 'ਤੇ ਸਿੱਧਾ ਹਮਲਾ ਹੈ, ਜਿਸ ਨੂੰ ਅਸੀਂ ਕਦੇ ਵੀ ਬਰਦਾਸ਼ਤ ਨਹੀਂ ਕਰਾਂਗੇ | ਦੇਵ ਮਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਸਮੂਹ ਅਹੁਦੇਦਾਰਾਂ, ਵਰਕਰਾਂ ਅਤੇ ਮਨਰੇਗਾ ਵਰਕਰਾਂ ਨੂੰ ਇਸ ਧਰਨੇ ਵਿੱਚ ਵੱਧ ਤੋਂ ਵੱਧ ਪਹੁੰਚ ਕੇ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਲਏ ਜਾ ਰਹੇ ਤਾਨਾਸ਼ਾਹੀ ਫੈਸਲਿਆਂ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਵੇਗੀ ।ਇਸ ਮੌਕੇ ਉਨ੍ਹਾਂ ਨਾਲ ਤਜਿੰਦਰ ਸਿੰਘ ਖਹਿਰਾ, ਗੁਰਦੀਪ ਸਿੰਘ ਦੀਪਾ ਰਾਮਗੜ੍ਹ ਚੇਅਰਮੈਨ, ਧਰਮਿੰਦਰ ਸਿੰਘ ਸੁੱਖੇਵਾਲ, ਅਮਨਦੀਪ ਸਿੰਘ ਕੋਟ ਕਲਾਂ ਸਰਪੰਚ, ਰਣਜੀਤ ਸਿੰਘ ਜੱਜ




ਸਰਪੰਚ, ਬਹਾਦਰ ਸਿੰਘ ਸਰਪੰਚ, ਜਸਵੀਰ ਸਿੰਘ ਵਜੀਦਪੁਰ ਆਦਿ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਤੇ ਕਾਬਜ਼ ਜੁੰਡਲੀ ਵਲੋ ਵਿੱਤੀ ਬੇਨਿਜਮੀਆਂ ਅਤੇ 328 ਸਰੂਪਾਂ ਦੇ ਮਸਲੇ ਤੇ ਦੋਸ਼ੀਆਂ ਖਿਲਾਫ ਕਾਰਵਾਈ ਦੇ ਦਾਅਵੇ ਨਿਕਲੇ ਖੋਖਲੇ : ਸਿੰਗੜੀਵਾਲਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ INTERNATIONAL PAPER, 9463601616 hardipchumber57@gmail.com



ਹੁਸ਼ਿਆਰਪੁਰ 7 ਜੁਲਾਈ ( ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਪਿਛਲੇ ਸਮੇਂ ਚੋਣਾਂ 2011 ਵਿੱਚ ਹੋਈਆਂ ਸਨ ਅਤੇ ਉਸ ਚੁਣੇ ਹੋਏ ਹਾਉਸ ਦੀ ਮਿਆਦ 2016 ਵਿੱਚ ਖਤਮ ਹੋ ਚੁੱਕੀ ਹੈ ਹੁਣ ਬਾਦਲ ਜੁੰਡਲੀ ਵੱਲੋਂ ਕੇਂਦਰ ਸਰਕਾਰ ਦੀਆਂ ਹਿੰਦੂਤਵੀ ਸ਼ਕਤੀਆਂ ਨਾਲ ਮਿਲ ਕੇ ਮਸੰਦਪੁਣੇ ਦੀ ਸੋਚ ਅਧੀਨ ਸਿੱਖ ਭਾਵਨਾਵਾਂ ਨੂੰ ਕੁਚਲ ਕੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਤੇ ਜਬਰੀ ਕਬਜ਼ਾ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਬਾਦਲ ਜੁੰਡਲੀ ਵੱਲੋਂ ਦੋਸ਼ੀਆਂ ਖਿਲਾਫ ਕਾਰਵਾਈ ਦਾ ਦਾਅਵੇ ਖੋਖਲੇ ਤੇ ਬੇਬੁਨਿਆਦ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਜਿਲ੍ਹਾ ਦਫਤਰ ਵਿਖੇ ਹੋਈ ਵਿਸ਼ੇਸ਼ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ ਗੁਰਨਾਮ ਸਿੰਘ ਸਿੰਗੜੀਵਾਲਾ ਜ਼ਿਲ੍ਹਾ ਪ੍ਰਧਾਨ ਨੇ ਕੀਤਾ ਇਸ ਸਮੇਂਤ ਖਤਾਂ ਉਹਨਾਂ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਪ੍ਰਸਤੀ ਹੇਠ ਬਣੀ ਡਾਕਟਰ ਈਸ਼ਰ ਸਿੰਘ ਕਮੇਟੀ ਨੇ ਚਾਰਟਡ ਕਾਊਂਟੈਂਟ ਸਤਿੰਦਰ ਸਿੰਘ ਕੋਹਲੀ ਸਮੇਤ ਗਰਦਾਨੇਇਹਨਾਂ ਗਏ ਦੋਸ਼ੀਆਂ ਖਿਲਾਫ ਕਾਨੂੰਨੀ ਕਾਰਵਾਈ ਇਸ ਕਰਕੇ ਨਹੀਂ ਕੀਤੀ ਕਿਉਂਕਿ ਇਹ ਦੋਸ਼ੀ ਸੁਖਬੀਰ ਸਿੰਘ ਬਾਦਲ ਦੇ ਬਹੁਤ ਨਜ਼ਦੀਕ ਸਨ ਉਹਨਾ ਦੋਸ਼ੀਆਂ ਨੂੰ ਬਚਾਉਣ ਲਈ ਕੇਵਲਪ੍ਰਧਾਨਗੀ ਨਗੂਣੀ ਕਾਰਵਾਈ ਹੀ ਕੀਤੀ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਜਥੇਦਾਰ ਗੁਰਦੀਪ ਸਿੰਘ ਖੁਣ ਖੁਣ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਸ਼੍ਰੋਮਣੀ ਕਮੇਟੀ ਵਿੱਚ ਵਿੱਤੀ ਬੇਨਿਯਮੀਆਂ, 328 ਸਰੂਪ ਨੂੰ ਖੁਰਦ ਬੁਰਦ ਅਤੇ ਬੇਅਦਬੀਆਂ ਦਾ ਇਨਸਾਫ ਲੈਣ ਲਈ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਤੇ ਕਾਬਜਨੂੰਹਾਂ ਜੁੰਡਲੀ ਵੱਲੋਂ ਸਿੱਖ ਭਾਵਨਾਵਾਂ ਦੇ ਉਲਟ ਇਨਸਾਫ ਦੇ ਰਾਹ ਵਿੱਚ ਅਰੋੜੇ ਅਟਕਾਉਣ ਨੂੰ ਸਿੱਖ ਕੌਮ ਬਰਦਾਸ਼ਤ ਨਹੀਂ ਕਰੇਗੀ ਅਤੇ ਸਿੱਖ ਸੰਗਤ ਨੂੰ ਨਾਲ ਲੈ ਕੇ ਇਹਨਾਂ ਦਾ ਜਬਰਦਸਤ ਵਿਰੋਧ ਕੀਤਾ ਜਾਵੇਗਾ ਇਸ ਸਮੇਂ ਗੁਰਦੀਪ ਸਿੰਘ ਗੜ੍ਹਦੀਵਾਲ ਸੀਨੀਅਰ ਮੀਤ ਪ੍ਰਧਾਨ, ਸੰਦੀਪ ਸਿੰਘ ਖਾਲਸਾ ਟਾਂਡਾ,ਬੀਬੀ ਰਾਜਵਿੰਦਰ ਕੌਰ ਪ੍ਰਧਾਨ ਇਸਤਰੀ ਵਿੰਗ, ਅਵਤਾਰ ਸਿੰਘ ਝੀਗੜ ਕਲਾਂ, ਹਰਭਜਨ ਸਿੰਘ ਜੌਹਲ, ਸਤਨਾਮ ਸਿੰਘ ਧਾਮੀਆਂ ਮੁਕੇਰੀਆਂ, ਰਚਨ ਸਿੰਘ ਟਾਂਡਾ ਚੂੜੀਆਂ, ਜਗਦੀਸ਼ ਸਿੰਘ ਚੱਬੇਵਾਲ, ਸਤਨਾਮ ਸਿੰਘ ਮੁਰਾਦਪੁਰ, ਸੁਖਦੇਵ ਸਿੰਘ ਕਾਹਰੀ, ਸੁਖਵਿੰਦਰ ਸਿੰਘ ਸਾਬੀ ਦਸ਼ਮੇਸ਼ ਨਗਰ, ਪਰਮਜੀਤ ਸਿੰਘ ਮਿੰਟੂ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਮੋਹਾਲੀ ਹਲਕੇ 'ਚ ਬਣਾਏ ਜਾ ਰਹੇ ਹਨ 32 ਅਤਿ-ਆਧੁਨਿਕ ਸਟੇਡੀਅਮ: ਵਿਧਾਇਕ ਕੁਲਵੰਤ ਸਿੰਘ

## ਸਟੇਡੀਅਮ ਦੀ ਉਸਾਰੀ 'ਤੇ ਖਰਚੇ ਜਾਣਗੇ 35 ਲੱਖ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ INTERNATIONAL PAPER, 9463601616 hardipchumber57@gmail.com



ਮੋਹਾਲੀ 7 ਦਸੰਬਰ 2026- ਪੰਜਾਬ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰੱਖ ਕੇ ਖੇਡ ਮੈਦਾਨਾਂ ਨਾਲ ਜੋੜਨ ਲਈ ਸੂਬਾ ਸਰਕਾਰ ਵੱਲੋਂ ਵੱਡੇ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਪਿੰਡ ਸੈਦਪੁਰਾ ਵਿਖੇ ਬਣ ਰਹੇ ਨਵੇਂ ਖੇਡ ਸਟੇਡੀਅਮ ਦਾ ਦੌਰਾ ਕੀਤਾ ਅਤੇ ਚੱਲ ਰਹੇ ਕੰਮ ਦਾ ਜਾਇਜ਼ਾ ਲਿਆ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸਰਕਾਰ ਨੇ ਬੱਚਿਆਂ ਦੇ ਭਵਿੱਖ ਅਤੇ ਉਨ੍ਹਾਂ ਦੀ ਸਿਹਤ ਨੂੰ ਮੁੱਖ ਰੱਖਦਿਆਂ ਪਿੰਡ-ਪਿੰਡ ਸਟੇਡੀਅਮ ਬਣਾਉਣ ਦੀ ਯੋਜਨਾ ਉਲੀਕੀ ਹੈ। ਉਨ੍ਹਾਂ ਦੱਸਿਆ ਕਿ ਪੂਰੇ ਪੰਜਾਬ ਵਿੱਚ ਲਗਭਗ 3300 ਦੇ ਕਰੀਬ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ, ਜਿਨ੍ਹਾਂ ਵਿੱਚੋਂ ਇਕੱਲੇ ਮੋਹਾਲੀ ਹਲਕੇ ਵਿੱਚ 32 ਸਟੇਡੀਅਮਾਂ ਦੀ ਉਸਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਮਾਣ ਮਹਿਸੂਸ ਕਰਦਿਆਂ ਕਿਹਾ ਕਿ ਸਟੇਡੀਅਮ ਬਣਾਉਣ ਦੀ ਰਫ਼ਤਾਰ ਵਿੱਚ ਮੋਹਾਲੀ ਜ਼ਿਲ੍ਹਾ ਪੂਰੇ ਸੂਬੇ ਵਿੱਚੋਂ ਸਭ ਤੋਂ ਅੱਗੇ ਚੱਲ ਰਿਹਾ ਹੈ।

ਪਿੰਡ ਸੈਦਪੁਰਾ ਵਿੱਚ ਬਣ ਰਹੇ ਸਟੇਡੀਅਮ ਬਾਰੇ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਪਿੰਡ ਦੀ ਪੰਚਾਇਤ ਵੱਲੋਂ ਇਸ ਕਾਰਜ ਲਈ ਵੱਡਾ ਸਹਿਯੋਗ ਦਿੱਤਾ ਗਿਆ ਹੈ। ਪੰਚਾਇਤ ਨੇ ਸਟੇਡੀਅਮ ਲਈ ਪੌਣੇ ਦੋ ਏਕੜ ਅਤੇ ਪਾਰਕਿੰਗ ਵਾਸਤੇ ਅਲੱਗ ਤੋਂ ਇੱਕ ਏਕੜ, ਯਾਨੀ ਕੁੱਲ ਪੌਣੇ ਤਿੰਨ ਏਕੜ ਜ਼ਮੀਨ ਮੁਹੱਈਆ ਕਰਵਾਈ ਹੈ। ਇਸ ਸਟੇਡੀਅਮ ਦੀ ਉਸਾਰੀ 'ਤੇ ਲਗਭਗ 35 ਲੱਖ ਰੁਪਏ ਦੀ ਲਾਗਤ ਆਵੇਗੀ, ਜਿਸ ਵਿੱਚ ਇੱਕ ਸਾਂਝਾ ਕਮਰਾ ਅਤੇ ਤਿੰਨ ਵੱਖ-ਵੱਖ ਬਾਥਰੂਮਾਂ (ਮਰਦਾਂ, ਔਰਤਾਂ ਅਤੇ ਦਿਵਿਆਂਗਾਂ ਲਈ) ਦੀ ਸਹੂਲਤ ਦਿੱਤੀ ਗਈ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਇਹ ਸਟੇਡੀਅਮ ਅਗਲੇ 6 ਮਹੀਨਿਆਂ ਦੇ ਅੰਦਰ ਬਣ ਕੇ ਪੂਰੀ ਤਰ੍ਹਾਂ ਤਿਆਰ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਟੇਡੀਅਮ ਦੇ ਬਣਨ ਨਾਲ ਨਾ ਸਿਰਫ਼ ਸੈਦਪੁਰਾ ਦੇ ਬੱਚੇ ਸਗੋਂ ਆਲੇ-ਦੁਆਲੇ ਦੇ ਪਿੰਡਾਂ ਦੇ ਨੌਜਵਾਨ ਵੀ ਇੱਥੇ ਖੇਡ ਕੇ ਆਪਣੀ ਸਿਹਤ ਬਣਾ ਸਕਣਗੇ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਨਗੇ। ਇਸ ਮੌਕੇ ਤੇ ਕੁਲਦੀਪ ਸਿੰਘ ਸਮਾਣਾ, ਡਾ. ਕੁਲਦੀਪ ਸਿੰਘ, ਜਸਪਾਲ ਸਿੰਘ ਐਮ.ਸੀ ਮਟੌਰ, ਹਰਮੇਸ਼ ਸਿੰਘ ਕੁੰਭੜਾ, ਜਸਪ੍ਰੀਤ ਸਿੰਘ ਸਰਪੰਚ, ਸੁਖਚੈਨ ਸਿੰਘ, ਅਰੁਣ ਗੋਇਲ, ਅਵਤਾਰ ਸਿੰਘ ਸਰਪੰਚ ਮੌਲੀ, ਗੁਰਪ੍ਰੀਤ ਸਿੰਘ ਕੁਰੜਾ, ਹਰਪਾਲ ਸਿੰਘ ਚੰਨਾ, ਤਰਲੋਚਨ ਸਿੰਘ, ਮਨਦੀਪ ਮਟੌਰ, ਅਕਵਿੰਦਰ ਸਿੰਘ ਗੋਸਲ, ਦਰਸ਼ਣ ਸਿੰਘ ਮਟੌਰ, ਹਰਪਾਲ ਸਿੰਘ ਬਰਾੜ , ਗੁਰਜੰਟ ਸਿੰਘ ਸਰਪੰਚ ਭਾਗੋ ਮਾਜਰਾ ਵੀ ਹਾਜ਼ਰ ਸਨ

# ਪੰਜਾਬ 'ਚ ਠੰਢ ਕਾਰਨ ਸਕੂਲਾਂ ਦੀਆਂ ਫੇਰ ਵਧੀਆਂ ਛੁੱਟੀਆਂ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ INTERNATIONAL PAPER, 9463601616 hardipchumber57@gmail.com

ਸੂਬੇ ਵਿੱਚ ਲਗਾਤਾਰ ਵੱਧ ਰਹੀ ਠੰਡ ਅਤੇ ਧੁੰਦ ਨੂੰ ਦੇਖਦਿਆਂ, ਬੱਚਿਆਂ ਅਤੇ ਸਟਾਫ ਦੀ ਸਿਹਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਨੇ ਫੇਰ ਸੂਬੇ ਦੇ ਸਾਰੇ ਸਰਕਾਰੀ, ਏਡਿਡ, ਮਾਨਤਾ ਪ੍ਰਾਪਤ ਅਤੇ ਪ੍ਰਾਈਵੇਟ ਸਕੂਲਾਂ ਵਿੱਚ 13 ਜਨਵਰੀ ਤੱਕ ਛੁੱਟੀਆਂ ਵਧਾ ਦਿੱਤੀਆਂ ਹਨ। ਹੁਣ ਸੂਬੇ ਦੇ ਸਾਰੇ ਸਕੂਲ 14 ਜਨਵਰੀ ਤੋਂ ਆਮ ਦਿਨਾਂ ਵਾਂਗ ਖੁੱਲ੍ਹਣਗੇ।

ਇਸ ਤੋਂ ਪਹਿਲਾਂ ਵੀ ਸੂਬੇ ਵਿੱਚ ਲਗਾਤਾਰ ਵੱਧ ਰਹੀ ਠੰਡ ਅਤੇ ਧੁੰਦ ਨੂੰ ਦੇਖਦਿਆਂ, ਬੱਚਿਆਂ ਅਤੇ ਸਟਾਫ ਦੀ ਸਿਹਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਸਰਕਾਰ ਨੇ ਸੂਬੇ ਦੇ ਸਕੂਲਾਂ ਵਿੱਚ 7 ਜਨਵਰੀ ਤੱਕ ਛੁੱਟੀਆਂ ਕਰ ਦਿੱਤੀਆਂ ਸਨ ਅਤੇ ਕੱਲ੍ਹ 8 ਜਨਵਰੀ ਤੋਂ ਸਾਰੇ ਸਕੂਲ ਆਮ ਦਿਨਾਂ ਵਾਂਗ ਖੁੱਲ੍ਹਣੇ ਸਨ। ਪਰ ਉਸ ਤੋਂ ਪਹਿਲਾਂ ਹੀ ਸੂਕਸ਼ਰ ਨੇ ਠੰਡ ਅਤੇ ਧੁੰਦ ਨੂੰ ਦੇਖਦਿਆਂ 13 ਜਨਵਰੀ ਤੱਕ ਛੁੱਟੀਆਂ ਵਧਾ ਦਿੱਤੀਆਂ ਹਨ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 07 ਜਨਵਰੀ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੋ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਅਛੂਤ ਸਮਾਜ 'ਤੇ ਕੀਤੇ ਜਾ ਰਹੇ ਅੱਤਿਆਚਾਰਾਂ ਦਾ ਦਲਿਤ ਨੁਮਾਇੰਦੇ ਪਰਦਾਫਾਸ਼ ਕਰਨ।

ਭਾਰਤ ਸਰਕਾਰ ਦੇ ਕਾਨੂੰਨ ਮੰਤਰੀ ਅਤੇ ਬਹੁਜਨ ਸਮਾਜ ਦੇ ਨੇਤਾ ਡਾ. ਬਾਬਾ ਸਾਹਿਬ ਅੰਬੇਡਕਰ ਨੇ ਐਤਵਾਰ 15 ਅਪ੍ਰੈਲ, 1951 ਦੀ ਸ਼ਾਮ ਨੂੰ ਦਿੱਲੀ ਦੇ ਮਿਊਟੀਨੀ ਰੋਡ 'ਤੇ ਅੰਬੇਡਕਰ ਭਵਨ ਦਾ ਨੀਂਹ ਪੱਥਰ ਰੱਖਿਆ। ਸਮਾਗਮ ਦੀ ਪ੍ਰਧਾਨਗੀ ਟਰਾਂਸਪੋਰਟ ਮੰਤਰੀ ਰਫੀ ਅਹਿਮਦ ਕਿਦਵਈ ਨੇ ਕੀਤੀ।



ਇਸ ਮੌਕੇ ਬੋਲਦਿਆਂ ਡਾ. ਬਾਬਾ ਸਾਹਿਬ ਅੰਬੇਡਕਰ ਨੇ ਕਿਹਾ:

"ਅਫ਼ਸੋਸ ਦੀ ਗੱਲ ਹੈ ਕਿ ਮੈਨੂੰ ਇਹ ਕਹਿਣਾ ਪੈ ਰਿਹਾ ਹੈ ਕਿ ਭਾਰਤ ਦੀ ਆਪਣੀ ਰਾਸ਼ਟਰੀ ਸਰਕਾਰ ਬਹੁਜਨ ਭਾਈਚਾਰੇ ਨੂੰ ਓਨੀ ਸੁਰੱਖਿਆ ਪ੍ਰਦਾਨ ਨਹੀਂ ਕਰਦੀ ਜਿੰਨੀ ਉਸ ਨੇ ਬ੍ਰਿਟਿਸ਼ ਰਾਜ ਦੌਰਾਨ ਕੀਤੀ ਸੀ। ਬ੍ਰਿਟਿਸ਼ ਰਾਜ ਵਿੱਚ ਅਛੂਤ ਵਰਗ ਲਈ 12 ਪ੍ਰਤੀਸ਼ਤ ਰਾਖਵੇਂਕਰਨ ਦੇ ਪ੍ਰਸਤਾਵ ਦੀ ਪੂਰੀ ਤਰ੍ਹਾਂ ਪਾਲਣਾ ਕੀਤੀ ਗਈ ਸੀ। ਪਰ ਅੱਜ ਉਸ ਕਾਨੂੰਨੀ ਪ੍ਰਬੰਧ ਦੀ ਪੇਸ਼ਕਸ਼ ਦੀ ਸਾਦੇ ਕਾਗਜ਼ ਦੀ ਕੀਮਤ ਦੇ ਬਰਾਬਰ ਨਹੀਂ ਸੀ। ਬ੍ਰਿਟਿਸ਼ ਰਾਜ ਵਿੱਚ ਅਛੂਤਾਂ ਨੂੰ 12 ਫ਼ੀਸਦੀ ਨੁਮਾਇੰਦਗੀ ਦੇਣ ਦਾ ਪ੍ਰਸਤਾਵ ਪੂਰੀ ਤਰ੍ਹਾਂ ਲਾਗੂ ਕੀਤਾ ਗਿਆ ਸੀ।

ਲੋਕ ਕਹਿੰਦੇ ਹਨ ਕਿ ਸਾਨੂੰ ਆਜ਼ਾਦੀ ਮਿਲੀ ਹੈ ਪਰ ਅਛੂਤਾਂ ਨੂੰ ਆਜ਼ਾਦੀ ਮਿਲੀ ਹੈ। ਮੈਂ ਇਸ ਨੂੰ ਸਵੀਕਾਰ ਕਰਨ ਲਈ ਤਿਆਰ ਨਹੀਂ ਹਾਂ।

ਸਾਡੇ ਲੋਕਾਂ ਨੂੰ ਪੰਜਾਬ ਵਿੱਚ ਅੱਤਿਆਚਾਰਾਂ ਦੀ ਕਿਸਮ ਦੇ ਸਭ ਤੋਂ ਭੈੜੇ ਅੱਤਿਆਚਾਰਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਜਿਹੇ ਅੱਤਿਆਚਾਰਾਂ ਤੋਂ ਪਰੇਸ਼ਾਨ ਹੋ ਕੇ ਚਾਲੀ ਲੋਕ ਦਿੱਲੀ ਆਏ ਅਤੇ ਰਾਜਘਾਟ 'ਤੇ ਮਰਨ ਵਰਤ ਸ਼ੁਰੂ ਕਰ ਦਿੱਤਾ। ਦਿੱਲੀ ਦੇ ਅਖ਼ਬਾਰਾਂ ਨੇ ਇਸ ਖ਼ਬਰ ਦਾ ਪੂਰੀ ਤਰ੍ਹਾਂ ਬਾਈਕਾਟ ਕੀਤਾ। ਇਨ੍ਹਾਂ ਲੋਕਾਂ ਨੇ ਲਗਭਗ ਤੀਹ ਦਿਨਾਂ ਤੱਕ ਵਰਤ ਰੱਖਿਆ ਪਰ ਇਹ ਦੇਖ ਕੇ ਕਿ ਉਨ੍ਹਾਂ ਦੀ ਕੋਈ ਖ਼ਬਰ ਨਹੀਂ ਆ ਰਹੀ ਸੀ, ਉਨ੍ਹਾਂ ਨੂੰ ਵਰਤ ਤੋੜਨਾ ਪਿਆ। ਮੈਨੂੰ ਯਕੀਨ ਹੈ ਕਿ ਜਿਨ੍ਹਾਂ ਅਖ਼ਬਾਰਾਂ ਨੇ ਉਸ ਖ਼ਬਰ ਨੂੰ ਨਜ਼ਰਅੰਦਾਜ਼ ਕੀਤਾ ਸੀ, ਉਨ੍ਹਾਂ ਨੇ ਦਿੱਲੀ ਵਿੱਚ ਕਿਸੇ ਬੁੱਢੇ ਆਦਮੀ ਦੇ ਇੱਕ ਦਿਨ ਦੇ ਵਰਤ ਦੀ ਖ਼ਬਰ ਵੀ ਵੱਡੀਆਂ ਸੁਰਖੀਆਂ ਵਿੱਚ ਛਪੀ ਹੋਵੇਗੀ। ਪਰ ਉਹ ਅਛੂਤਾਂ ਬਾਰੇ ਨਹੀਂ ਜਾਣਦੇ।

ਪੰਜਾਬ ਵਿੱਚ ਸਿੱਖਾਂ ਅਤੇ ਹੋਰਾਂ ਵੱਲੋਂ ਅਛੂਤ ਔਰਤਾਂ ਨੂੰ ਭਜਾਏ ਜਾਣ ਦੀਆਂ ਖ਼ਬਰਾਂ ਹਨ। ਅਛੂਤਾਂ ਉੱਤੇ ਕਈ ਤਰ੍ਹਾਂ ਦੇ ਅੱਤਿਆਚਾਰ ਕੀਤੇ ਜਾ ਰਹੇ ਹਨ। ਪੇਂਡੂ ਖੇਤਰਾਂ ਵਿੱਚ, ਉਨ੍ਹਾਂ ਨੂੰ ਜ਼ਮੀਨ ਵਾਹ ਕੇ ਖੇਤੀ ਕਰਨ ਜਾਂ ਲੱਕੜੀ ਕੱਟਣ ਦੀ ਆਗਿਆ ਨਹੀਂ ਹੈ।

ਪਿਛਲੇ ਦੋ ਸਾਲਾਂ ਤੋਂ ਲੋਕ ਸਭਾ ਵਿੱਚ ਮੇਰੇ ਸਾਹਮਣੇ ਅਜਿਹੇ 30 ਮੈਂਬਰ ਬੈਠੇ ਹਨ। ਜਿਨ੍ਹਾਂ 10 ਮੈਂਬਰਾਂ ਤੋਂ ਦਲਿਤ ਵਰਗਾਂ ਦੀ ਨੁਮਾਇੰਦਗੀ ਕਰਨ ਦੀ ਉਮੀਦ ਕੀਤੀ ਜਾ ਸਕਦੀ ਹੈ, ਉਹ ਪੰਜਾਬ ਦੇ ਅਛੂਤਾਂ ਵਿੱਚੋਂ ਹਨ। ਮੈਂ ਉਨ੍ਹਾਂ ਵਿੱਚੋਂ ਕਿਸੇ ਨੂੰ ਵੀ ਅਛੂਤਾਂ ਦੀ ਭਲਾਈ ਬਾਰੇ, ਉਸ ਵਰਗ ਉੱਤੇ ਹੋ ਰਹੇ ਅੱਤਿਆਚਾਰਾਂ ਬਾਰੇ ਕੋਈ ਸਵਾਲ ਉਠਾਉਂਦੇ ਨਹੀਂ ਦੇਖਿਆ। ਇਸ ਵੇਲੇ ਲੋਕ ਸਭਾ 'ਚ ਬਜਟ' ਤੇ ਚਰਚਾ ਚੱਲ ਰਹੀ ਹੈ। ਅਨਾਜ, ਮਹਿੰਗਾਈ, ਕੱਪੜਿਆਂ ਅਤੇ ਖੰਡ ਦੀ ਘਾਟ ਦੇ ਮੁੱਦਿਆਂ 'ਤੇ ਸਰਕਾਰ ਦੀ ਨਿੰਦਾ ਕਰਨ ਦਾ ਕੋਈ ਮੌਕਾ ਨਹੀਂ ਗੁਆਉਂਦਾ ਸੀ, ਪਰ ਤੁਸੀਂ ਪੰਜਾਬ ਵਿੱਚ ਅਛੂਤਾਂ' ਤੇ ਹੋ ਰਹੇ ਅੱਤਿਆਚਾਰਾਂ ਬਾਰੇ ਕੀ ਕਰ ਰਹੇ ਹੋ? ਕਿਸੇ ਨੇ ਵੀ ਇਹ ਸਵਾਲ ਨਹੀਂ ਚੁੱਕਿਆ।

ਜੇਕਰ ਲੋਕ ਸਭਾ ਵਿੱਚ ਵੀ ਅਜਿਹੇ ਹਜ਼ਾਰਾਂ ਮੈਂਬਰ ਵੀ ਭੇਜ ਦਿੱਤੇ ਜਾਣ ਤਾਂ ਅਛੂਤਾਂ ਨੂੰ ਕੀ ਲਾਭ ਹੋਵੇਗਾ? ਅਜਿਹੇ ਲੋਕ ਕੀ ਕਰ ਸਕਦੇ ਹਨ? ਮੈਂ ਮੰਤਰੀ ਹਾਂ ਇਸ ਲਈ ਮੇਰੇ ਮੂੰਹ 'ਤੇ ਤਾਲਾ ਹੈ। ਜਦੋਂ ਮੈਂ ਸਰਕਾਰ ਵਿੱਚ ਨਹੀਂ ਸੀ, ਮੈਂ ਜ਼ੁਲਮ ਅਤੇ ਜ਼ਬਰਦਸਤੀ ਵਿਰੁੱਧ ਆਪਣੀ ਆਵਾਜ਼ ਬੁਲੰਦ ਕੀਤੀ, ਕੋਈ ਵੀ ਬੇਇਨਸਾਫੀ ਸਰਕਾਰ ਦੀਆਂ ਨਜ਼ਰਾਂ ਵਿੱਚ ਲਿਆਂਦਾ ਰਿਹਾ ਹਾਂ। ਮੈਂ ਸਰਕਾਰ ਵਿੱਚ ਨਹੀਂ ਸੀ ਆਪਣਾ ਕੰਮ ਕਰਦਾ ਸੀ। ਪਰ ਸੰਸਦ ਵਿੱਚ ਬੈਠੇ ਇਹਨਾਣ ਸਾਂਸਦਾਂ ਦਾ ਮੂੰਹ ਬੰਦ ਹੋ ਗਿਆ। ਜਿਨ੍ਹਾਂ ਮੈਂਬਰਾਂ ਤੋਂ ਅਛੂਤ ਵਰਗ ਦੀ ਆਵਾਜ਼ ਬੁਲੰਦ ਕਰਨ ਦੀ ਉਮੀਦ ਕੀਤੀ ਜਾਂਦੀ ਹੈ, ਉਹ ਵੀ ਚੁੱਪ ਬੈਠਦੇ ਹਨ।

ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਹਜ਼ਾਰਾਂ ਅਛੂਤ ਮਦਦ ਮੰਗਣ ਲਈ ਦਿੱਲੀ ਆਉਂਦੇ ਹਨ। ਉਨ੍ਹਾਂ ਲਈ ਦਿੱਲੀ ਦੇ ਅੰਬੇਡਕਰ ਭਵਨ ਵਿੱਚ ਪ੍ਰਬੰਧ ਕੀਤੇ ਜਾਣਗੇ। ਇਹ ਇਮਾਰਤ ਜਾਤੀ ਹਿੰਦੂਆਂ ਤੋਂ ਇੱਕ ਵੀ ਪੈਸਾ ਲਏ ਬਿਨਾਂ ਦਲਿਤਾਂ ਦੁਆਰਾ ਬਣਾਈ ਜਾਣੀ ਚਾਹੀਦੀ ਹੈ।

ਮੇਰਾ ਮੰਨਣਾ ਹੈ ਕਿ ਜਦੋਂ ਤੋਂ ਗਾਂਧੀ ਜੀ ਨੇ ਛੂਆਛੂਤ ਅੰਦੋਲਨ ਸੰਭਾਲਿਆ ਹੈ, ਉਦੋਂ ਤੋਂ ਜਾਤੀ ਹਿੰਦੂਆਂ ਦੇ ਰਵੱਈਏ ਵਿੱਚ ਤਬਦੀਲੀ ਆਈ ਹੈ। ਪਰ ਜਦੋਂ ਕਿ ਸ੍ਰੀ ਸ਼ਰਮਾ ਵਰਗੇ ਵਿਅਕਤੀਆਂ ਦੀ ਹਮਦਰਦੀ ਮਹੱਤਵਪੂਰਨ ਹੈ, ਸਾਨੂੰ ਆਪਣੀ ਹਿੰਮਤ ਨਾਲ ਖੜ੍ਹੇ ਰਹਿਣਾ ਪਏਗਾ। ਸਾਨੂੰ ਆਪਣੇ ਆਪ ਉੱਤੇ ਨਿਰਭਰ ਹੋਣਾ ਚਾਹੀਦਾ ਹੈ। ਭੁੱਖੇ ਆਦਮੀ ਨੂੰ ਰੋਟੀ ਦੀ ਜ਼ਰੂਰਤ ਹੁੰਦੀ ਹੈ, ਸਿਰਫ ਹਮਦਰਦੀ ਕੰਮ ਨਹੀਂ ਕਰਦੀ. ਜੇ ਅਸੀਂ ਆਪਣੇ ਸ਼ੁਭਚਿੰਤਕਾਂ ਦੀ ਮਦਦ ਅਤੇ ਸਮਰਥਨ ਨਾਲ ਇਕਜੁੱਟ ਹੋ ਕੇ ਖੜ੍ਹੇ ਹਾਂ, ਤਾਂ ਅਸੀਂ ਆਪਣੀ ਸਥਿਤੀ ਨੂੰ ਸੁਧਾਰ ਸਕਦੇ ਹਾਂ।

"ਇਕੁਐਲਿਟੀ ਐਂਡ ਜਸਟਿਸ"
"Equality and Justice"
ਸਵਤੰਤ੍ਰਤਾ, ਸਮਾਨਤਾ, ਭਾਈਚਾਰਾ



ਇਸ ਤੋਂ ਪਹਿਲਾਂ ਕੇਂਦਰ ਸਰਕਾਰ ਦੇ ਦਫ਼ਤਰਾਂ ਵਿੱਚ ਅਛੂਤ ਵਰਗ ਦਾ ਇੱਕ ਵੀ ਵਿਅਕਤੀ ਨਹੀਂ ਸੀ। ਇੱਕ ਅਛੂਤ ਉਦੋਂ ਪੱਟਾਵਾਲਾ ਨਹੀਂ ਬਣ ਸਕਦਾ ਸੀ, ਅਰਥਾਤ ਇੱਕ ਸਿਪਾਹੀ ਨਹੀਂ ਬਣ ਸਕਦਾ ਸੀ। ਉਸ ਤੋਂ ਬਾਅਦ ਸਾਡੀਆਂ ਕੋਸ਼ਿਸ਼ਾਂ ਲਗਾਤਾਰ ਫਲ ਦਿੰਦੀਆਂ ਰਹੀਆਂ ਅਤੇ ਅਛੂਤਾਂ ਨੂੰ ਨੌਕਰੀਆਂ ਵਿੱਚ ਰਾਖਵਾਂਕਰਨ ਮਿਲਿਆ। ਇਸ ਉਦੇਸ਼ ਲਈ ਤਿੰਨ ਕਰੋੜ ਰੁਪਏ ਦੀ ਰਕਮ ਅਲਾਟ ਕੀਤੀ ਗਈ ਹੈ।

ਬਾਬਾ ਸਾਹਿਬ ਨੇ ਇਮਾਰਤ ਦਾ ਨਾਮ ਉਨ੍ਹਾਂ ਦੇ ਨਾਮ 'ਤੇ ਰੱਖੇ ਜਾਣ' ਤੇ ਆਪਣੀ ਨਾਰਾਜ਼ਗੀ ਸਪੱਸ਼ਟ ਕੀਤੀ। ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇਕਰ ਨਾਮ ਬਦਲਿਆ ਜਾਂਦਾ ਹੈ ਤਾਂ ਉਨ੍ਹਾਂ ਨੂੰ ਖੁਸ਼ੀ ਹੋਵੇਗੀ।

# ਪੰਜਾਬ ਸਰਕਾਰ ਵੱਲੋਂ ਵੱਲੋਂ ਪੱਤਰਕਾਰਾਂ ਅਤੇ ਕੁੱਝ ਹੋਰ ਸਮਾਜਿਕ ਕਾਰਕੁੰਨਾਂ ਤੇ ਦਰਜ ਕੀਤੇ ਪਰਚੇ ਦੇ ਵਿਰੋਧ ਵਿੱਚ ਐਸਡੀਐਮ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ

## ਪ੍ਰੈਸ ਕਲੱਬ ਰਾਏਕੋਟ ਵੱਲੋਂ ਮੁੱਖ ਮੰਤਰੀ ਪੰਜਾਬ ਦਾ ਪੁਤਲਾ ਫੂਕਿਆ ਗਿਆ, ਐਸਡੀਐਮ ਰਾਏਕੋਟ ਨੂੰ ਪਰਚਾ ਰੱਦ ਕਰਨ ਸਬੰਧੀ ਮੰਗ ਪੱਤਰ ਦਿੱਤਾ ਗਿਆ

"Equality and justice"
Patiala 07 January
INTERNATIONAL PAPER, 94636 01616
hardipchumber57@gmail.com

ਰਾਏਕੋਟ ਗੁਰਭਿੰਦਰ ਗੁਰੀ

ਪੰਜਾਬ ਸਰਕਾਰ ਵੱਲੋਂ ਵੱਲੋਂ ਤਿੰਨ ਪੱਤਰਕਾਰਾਂ ਅਤੇ ਕੁੱਝ ਹੋਰ ਸਮਾਜਿਕ ਕਾਰਕੁੰਨਾਂ ਸਮੇਤ 10 ਲੋਕਾਂ ਤੇ ਦਰਜ ਕੀਤੇ ਪਰਚੇ ਦੇ ਵਿਰੋਧ ਵਿੱਚ ਅੱਜ ਪ੍ਰੈਸ ਕਲੱਬ ਰਾਏਕੋਟ ਵੱਲੋਂ ਪ੍ਰਧਾਨ ਸੰਜੀਵ ਕੁਮਾਰ ਭੱਲਾ ਦੀ ਅਗਵਾਈ ਹੇਠ ਸਥਾਨਕ ਐਸਡੀਐਮ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ ਕਰਨ ਉਪਰੰਤ ਮੁੱਖ ਮੰਤਰੀ ਪੰਜਾਬ ਦਾ ਪੁਤਲਾ ਫੂਕਿਆ ਗਿਆ। ਜਿਸ ਤੋਂ ਬਾਅਦ ਐਸਡੀਐਮ ਰਾਏਕੋਟ ਨੂੰ ਪਰਚਾ ਰੱਦ ਕਰਨ ਸਬੰਧੀ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਹਮਖਿਆਲੀ ਜਥੇਬੰਦੀਆਂ ਦੇ



ਆਗੂ ਅਤੇ ਮੋਹਤਬਰ ਆਗੂ ਹਾਜ਼ਰ ਸਨ। ਇਸ ਮੌਕੇ ਸਮੂਹ ਪੱਤਰਕਾਰ ਭਾਈਚਾਰੇ ਅਤੇ ਜਥੇਬੰਦਕ ਆਗੂਆਂ ਵੱਲੋਂ ਪੰਜਾਬ ਸਰਕਾਰ ਦੀ ਇਸ ਕਾਰਵਾਈ ਨੂੰ ਨਿੰਦਣਯੋਗ ਕਿਹਾ ਅਤੇ ਤੁਰੰਤ ਪੱਤਰਕਾਰਾਂ ਤੇ ਕੀਤੇ ਪਰਚੇ ਤੁਰੰਤ ਰੱਦ ਕਰਨ ਦੀ ਮੰਗ ਕੀਤੀ। ਇਸ ਮੌਕੇ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦੇ ਹੋਏ ਪੰਜਾਬ ਸਰਕਾਰ ਦਾ ਪੁਤਲਾ ਵੀ ਸਾੜਿਆ ਗਿਆ। ਇਸ ਮੌਕੇ ਸੀਨੀਅਰ ਪੱਤਰਕਾਰ ਰਾਮ ਗੋਪਾਲ ਰਾਏਕੋਟੀ ਅਤੇ ਪ੍ਰਧਾਨ ਸੰਜੀਵ ਕੁਮਾਰ ਭੱਲਾ ਨੇ ਕਿਹਾ ਕਿ ਪੰਜਾਬ ਸਰਕਾਰ ਪੱਤਰਕਾਰਾਂ ਤੇ ਝੂਠੇ ਮੁਕਦਮੇ ਦਰਜ ਕਰਕੇ ਸੱਚ ਦੀ ਆਵਾਜ਼ ਨੂੰ ਦਬਾਉਣਾ ਚਾਹੁੰਦੀ ਹੈ। ਉਨਾਂ ਕਿਹਾ ਕਿ ਭਗਵੰਤ ਮਾਨ ਉਹੀ ਮੁੱਖ ਮੰਤਰੀ ਹੈ ਜਦ ਇਹ ਵਿਰੋਧੀ ਧਿਰ ਵਿੱਚ ਹੁੰਦੇ ਹੋਏ ਆਮ ਲੋਕਾਂ ਨੂੰ ਸਰਕਾਰ ਤੋਂ ਸਵਾਲ ਕਰਨ ਦੀ ਮੰਗ ਕਰਦਾ ਹੁੰਦਾ ਸੀ, ਲੇਕਿਨ ਅੱਜ ਜਦ ਪੱਤਰਕਾਰ ਇਸ ਤੋਂ ਸਵਾਲ ਪੁੱਛ ਰਹੇ ਹਨ ਤਾਂ ਇਹ ਉਹਨਾਂ 'ਤੇ ਪਰਚੇ ਦਰਜ ਕਰਕੇ ਮੀਡੀਆ ਦੀ ਆਵਾਜ਼ ਬੰਦ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਸਰਕਾਰ ਦੀਆਂ ਇਹ ਦਮਨਕਾਰੀ ਨੀਤੀਆਂ ਪੱਤਰਕਾਰਾਂ ਦੀ ਆਵਾਜ਼ ਨੂੰ ਦਬਾ ਨਹੀਂ ਸਕਣਗੀਆਂ। ਉਹਨਾਂ ਮੰਗ ਕੀਤੀ ਕਿ ਪੱਤਰਕਾਰਾਂ ਤੇ ਕੀਤੇ ਝੂਠੇ ਮੁਕਦਮੇ ਤੁਰੰਤ ਰੱਦ ਕੀਤੇ ਜਾਣ ਨਹੀਂ ਤਾਂ ਇਹ ਸੰਘਰਸ਼ ਹੋਰ ਵੀ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਪੰਜਾਬ ਕਿਸਾਨ ਸਭਾ ਦੇ ਸੂਬਾ ਸਕੱਤਰ ਕਾਮਰੇਡ ਬਲਜੀਤ ਸਿੰਘ ਅਤੇ ਕਿਸਾਨ ਆਗੂ ਹਰਬਖਸ਼ੀਸ਼ ਸਿੰਘ ਚੱਕ ਭਾਈਕਾ ਨੇ ਕਿਹਾ ਕਿ ਸਰਕਾਰ ਪੱਤਰਕਾਰਾਂ ਤੇ ਝੂਠੇ ਮੁਕਦਮੇ ਦਰਜ ਕਰਕੇ ਸੱਚ ਦੀ ਆਵਾਜ਼ ਨੂੰ ਦਬਾ ਨਹੀਂ ਸਕੇਗੀ ਜੇਕਰ ਸਰਕਾਰ ਅਜਿਹਾ ਕਰਦੀ ਹੈ ਤਾਂ ਇਹ ਸੰਘਰਸ਼ ਲੋਕ ਸੰਘਰਸ਼ ਵਿੱਚ ਬਦਲ ਜਾਵੇਗਾ। ਮੰਗ ਪੱਤਰ ਲੈਣ ਉਪਰੰਤ ਐਸਡੀਐਮ ਰਾਏਕੋਟ ਮੈਡਮ ਪਾਇਲ ਗੋਇਲ ਨੇ ਪੱਤਰਕਾਰਾਂ ਨੂੰ ਭਰੋਸਾ ਦਵਾਇਆ ਕਿ ਉਹ ਇਸ ਪੱਤਰ ਨੂੰ ਸਰਕਾਰ ਤੱਕ ਪਹੁੰਚਦਾ ਕਰ ਦੇਣਗੇ। ਇਸ ਮੌਕੇ ਆਰਜੀ ਰਾਏਕੋਟੀ, ਸੁਸ਼ੀਲ ਕੁਮਾਰ, ਰਘਵੀਰ ਸਿੰਘ ਜੱਗਾ, ਗੁਰਭਿੰਦਰ ਗੁਰੀ.ਆਤਮਾ ਸਿੰਘ ਲੋਹਟਬੱਦੀ, ਇਕਬਾਲ ਸਿੰਘ ਗੁਲਾਬ, ਪ੍ਰਵੀਨ ਅੱਗਰਵਾਲ, ਸੁਸ਼ੀਲ ਵਰਮਾਂ, ਗੁਰਭਿੰਦਰ ਗੁਰੀ, ਸ਼ਮਸ਼ੇਰ ਸਿੰਘ, ਨਾਮਪ੍ਰੀਤ ਸਿੰਘ ਗੋਗੀ, ਜਸਵੰਤ ਸਿੰਘ ਸਿੱਧੂ, ਬਿੱਟੂ ਹਲਵਾਰਾ, ਗੁਰਜੀਤ ਸਿੰਘ ਬਾਬੂ, ਅਮਿਤ ਪਾਸੀ, ਮੁਹੰਮਦ ਇਮਰਾਨ, ਜਗਪਾਲ ਸਿੰਘ ਸਿਵੀਆਂ, ਅਮਰਜੀਤ ਸਿੰਘ ਸੁਧਾਰ, ਬਲਜੀਤ ਸਿੰਘ ਗਰੇਵਾਲ, ਹਰਬਖ਼ਸੀਸ਼ ਸਿੰਘ ਕਿਸਾਨ ਆਗੂ, ਰਾਜਨ ਸਿੰਘ, ਜਗਪਾਲ ਸਿੰਘ, ਭਾਜਪਾ ਆਗੂ ਸ਼ੀਤਲ ਪ੍ਰਕਾਸ਼, ਬਸਪਾ ਆਗੂ ਸੁਰਿੰਦਰ ਸਿੰਘ ਪੱਪੀ ਸਪਰਾ, ਇੰਦਰਪਾਲ ਸਿੰਘ ਗੋਲਡੀ, ਹਰਬੰਸ ਸਿੰਘ ਹਾਂਸ, ਨੰਬਰਦਾਰ ਸੁਰਿੰਦਰ ਸਿੰਘ ਸੀਲੋਆਣੀ, ਮੁਲਾਜ਼ਮ ਆਗੂ ਜੰਗਪਾਲ ਸਿੰਘ, ਰਾਜਮਿੰਦਰਪਾਲ ਸਿੰਘ ਪਰਮਾਰ, ਮਾਸਟਰ ਰਾਜਨ ਸਿੰਘ, ਸੁਖਦੀਪ ਸਿੰਘ, ਹਰਬਖਸ਼ੀਸ਼ ਸਿੰਘ ਚੱਕ ਭਾਈਕਾ ਬੀਕੇਯੂ ਮੀਤ ਪ੍ਰਧਾਨ ਬੀਕੇਯੂ ਡਕੌਂਦਾ, ਅਮਰੀਕ ਸਿੰਘ ਹਲਵਾਰਾ ਬਲਾਕ ਪ੍ਰਧਾਨ ਸੁਧਾਰ, ਬਲਾਕ ਪ੍ਰਧਾਨ ਰਣਧੀਰ ਸਿੰਘ ਬੱਸੀਆ, ਮੁਹੰਮਦ ਅਖਤਰ ਜੁਬੇਰੀ, ਸੰਦੀਪ ਸਿੰਘ ਸੋਨੀ ਬਾਬਾ, ਗੁਰਮੀਤ ਸਿੰਘ ਤਲਵੰਡੀ ਹਰਪਾਲ ਸਿੰਘ ਭੈਣੀ ਸੁਖਚੈਨ ਸਿੰਘ ਮਹਿੰਦਰ ਸਿੰਘ ਹੈਪੀ ਸਿੰਘ ਜਸਵੰਤ ਸਿੰਘ ਸ਼ਿਆਮ ਸਿੰਘ ਬਾਬਾ ਨਛੱਤਰ ਸਿੰਘ ਗਰੇਵਾਲ ਲਾਲਜੀਤ ਸਿੰਘ ਸੁਖਦੀਪ ਸਿੰਘ ਸਮੇਤ ਹੋਰ ਕਈ ਹਾਜ਼ਰ ਸਨ।

# ਚੰਡੀਗੜ੍ਹ 'ਚ 13 ਲੱਖ ਲੋਕ, 15 ਲੱਖ ਵਾਹਨ; ਪੰਜ ਸਾਲਾਂ 'ਚ 2.21 ਲੱਖ ਨਵੇਂ ਵਾਹਨ ਵਧੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 07 ਜਨਵਰੀ
INTERNATIONAL PAPER, 94636 01616
hardipchumber57@gmail.com

ਸਿਟੀ ਬਿਊਟੀਫੁੱਲ ਚੰਡੀਗੜ੍ਹ ਵਿੱਚ ਵਾਹਨਾਂ ਦੀ ਗਿਣਤੀ ਮਨੁੱਖੀ ਆਬਾਦੀ ਦੇ ਮੁਕਾਬਲੇ ਕਿਤੇ ਤੇਜ਼ੀ ਨਾਲ ਵਧਦੀ ਜਾ ਰਹੀ ਹੈ। ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਰਜਿਸਟਰਡ ਵਾਹਨਾਂ ਦੀ ਕੁੱਲ ਸੰਖਿਆ 15 ਲੱਖ ਦੇ ਅੰਕੜੇ ਦੇ ਨੇੜੇ ਪਹੁੰਚ ਗਈ ਹੈ, ਜਦੋਂ ਕਿ ਇੱਥੋਂ ਦੀ ਅਨੁਮਾਨਿਤ ਮਨੁੱਖੀ ਆਬਾਦੀ ਲਗਪਗ 13 ਲੱਖ ਹੈ।

ਰਜਿਸਟਰਿੰਗ ਐਂਡ ਲਾਇਸੈਂਸਿੰਗ ਅਥਾਰਟੀ (RLA) ਦੇ ਅਧਿਕਾਰਤ ਅੰਕੜੇ ਦੱਸਦੇ ਹਨ ਕਿ ਪਿਛਲੇ ਪੰਜ ਸਾਲਾਂ ਵਿੱਚ ਹੀ ਸ਼ਹਿਰ ਵਿੱਚ 2,21,497 ਨਵੇਂ ਵਾਹਨ ਰਜਿਸਟਰ ਕੀਤੇ ਗਏ ਹਨ, ਜੋ ਚੰਡੀਗੜ੍ਹ ਦੀ ਦੇਸ਼ ਵਿੱਚ ਸਭ ਤੋਂ ਵੱਧ ਪ੍ਰਤੀ ਵਿਅਕਤੀ ਵਾਹਨ ਘਣਤਾ ਵਾਲੇ ਸ਼ਹਿਰਾਂ ਵਿੱਚ ਸਥਿਤੀ ਨੂੰ ਹੋਰ ਮਜ਼ਬੂਤ ਕਰਦਾ ਹੈ।

ਵੇਰਵੇ ਸਾਂਝੇ ਕਰਦਿਆਂ RLA ਪ੍ਰਦੁਮਣ ਸਿੰਘ ਨੇ 'ਟ੍ਰਿਬਿਊਨ ਸਮੂਹ' ਨੂੰ ਦੱਸਿਆ ਕਿ ਅੰਕੜੇ ਸਾਲ ਦਰ ਸਾਲ ਰਜਿਸਟ੍ਰੇਸ਼ਨਾਂ ਵਿੱਚ ਲਗਾਤਾਰ ਵਾਧਾ ਦਰਸਾਉਂਦੇ ਹਨ, ਜਿਸ ਵਿੱਚ ਦੋਪਹੀਆ ਵਾਹਨ ਅਤੇ ਮੋਟਰ ਕਾਰਾਂ ਦਾ ਦਬਦਬਾ ਬਣਿਆ ਹੋਇਆ ਹੈ। ਸਾਲਵਾਰ ਅੰਕੜਿਆਂ ਅਨੁਸਾਰ 2021 ਵਿੱਚ 36,963 ਵਾਹਨ ਰਜਿਸਟਰ ਕੀਤੇ ਗਏ ਸਨ, ਇਸ ਤੋਂ ਬਾਅਦ 2022 ਵਿੱਚ 47,244 ਅਤੇ 2023 ਵਿੱਚ 50,930 ਵਾਹਨਾਂ ਦਾ ਵੱਡਾ ਉਛਾਲ ਆਇਆ। 2024 ਵਿੱਚ ਰਜਿਸਟ੍ਰੇਸ਼ਨਾਂ ਮਾਮੂਲੀ ਘਟ ਕੇ 40,762 ਰਹਿ ਗਈਆਂ, ਪਰ 2025 ਵਿੱਚ ਇਹ ਫਿਰ ਵਧ ਕੇ 45,598 ਹੋ ਗਈਆਂ, ਜੋ ਪਿਛਲੇ ਸਾਲ ਨਾਲੋਂ ਲਗਪਗ 12% ਵੱਧ ਸੀ।

# ਵਿਧਾਇਕ ਜਿੰਪਾ ਨੇ ਪਿੰਡ ਜਹਾਨਖੇਲਾਂ 'ਚ ਟਿਊਬਵੈੱਲ ਨਿਰਮਾਣ ਕਾਰਜ ਦੀ ਕਰਵਾਈ ਸ਼ੁਰੂਆਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਅੱਜ ਪਿੰਡ ਜਹਾਨਖੇਲਾਂ ਵਿੱਚ 10 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਟਿਊਬਵੈੱਲ ਦੇ ਨਿਰਮਾਣ ਕਾਰਜ ਦਾ ਰਸਮੀ ਉਦਘਾਟਨ ਕੀਤਾ। ਇਸ ਮੌਕੇ ਪਿੰਡ ਵਾਸੀ ਖਾਸ ਤੌਰ 'ਤੇ ਉਤਸ਼ਾਹਿਤ ਸਨ। ਟਿਊਬਵੈੱਲ ਦੇ ਨਿਰਮਾਣ ਨਾਲ ਪਿੰਡ ਦੀ ਪੀਣ ਵਾਲੇ ਪਾਣੀ ਦੀ ਸਮੱਸਿਆ ਦਾ ਸਥਾਈ ਹੱਲ ਹੋਣ ਦੀ ਉਮੀਦ ਜਤਾਉਂਦੀ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਸੂਬਾ ਸਰਕਾਰ ਦਾ ਉਦੇਸ਼ ਹਰ ਪਿੰਡ ਨੂੰ ਮੁੱਢਲੀਆਂ ਸਹੂਲਤਾਂ ਪ੍ਰਦਾਨ ਕਰਨਾ ਹੈ ਤਾਂ ਜੋ ਪਿੰਡ ਵਾਸੀਆਂ ਨੂੰ ਪੀਣ ਵਾਲਾ ਸਾਫ਼ ਪਾਣੀ ਅਤੇ ਖੇਤੀ ਲਈ ਲੋੜੀਂਦਾ ਪਾਣੀ ਮਿਲ ਸਕੇ। ਉਨ੍ਹਾਂ ਕਿਹਾ ਕਿ ਟਿਊਬਵੈੱਲਾਂ ਦੇ ਨਿਰਮਾਣ ਨਾਲ ਆਮ ਲੋਕਾਂ ਨੂੰ ਪਾਣੀ ਦੀ ਕਿੱਲਤ ਤੋਂ ਰਾਹਤ ਮਿਲੇਗੀ। ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਇਸ ਪਹਿਲਕਦਮੀ ਨੇ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਚਲੀ ਆ ਰਹੀ ਮੰਗ ਨੂੰ ਪੂਰਾ ਕੀਤਾ ਹੈ ਅਤੇ ਪਿੰਡ ਦੇ ਵਿਕਾਸ ਨੂੰ ਨਵੀਂ ਗਤੀ ਦੇਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਇਲਾਕੇ ਦੇ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪਿੰਡ ਜਹਾਨਖੇਲਾਂ ਵਿੱਚ ਹੋਰ ਵਿਕਾਸ ਕਾਰਜ ਕੀਤੇ ਜਾਣਗੇ। ਵਿਧਾਇਕ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਸਾਰੀ ਦਾ ਕੰਮ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਅਤੇ ਗੁਣਵੱਤਾਪੂਰਨ ਢੰਗ ਨਾਲ ਪੂਰਾ ਕੀਤਾ ਜਾਵੇ, ਤਾਂ ਜੋ ਲੋਕਾਂ ਨੂੰ ਇਸ ਦਾ ਲਾਭ ਜਲਦੀ ਮਿਲ ਸਕੇ। ਇਸ ਮੌਕੇ ਬਲਾਕ ਸੰਮਤੀ ਮੈਂਬਰ ਮੁਕੇਸ਼ ਕੁਮਾਰ, ਯੂਥ ਪ੍ਰਧਾਨ ਪ੍ਰੀਤਪਾਲ, ਜੁਗਲ ਕਿਸ਼ੋਰ, ਅਮਨਦੀਪ ਕੌਰ, ਰਮਿਤ ਦਿਓਲ, ਰਵੀ ਕੁਮਾਰ ਅਤੇ ਪਿੰਡ ਦੀ ਸਰਪੰਚ ਪਰਵੀਨ ਕੁਮਾਰੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਾਰਿਆਂ ਨੇ ਵਿਧਾਇਕ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਟਿਊਬਵੈੱਲ ਪਿੰਡ ਲਈ ਇਕ ਵੱਡਾ ਤੋਹਫ਼ਾ ਹੈ।

# 8 ਜਨਵਰੀ - ਧਰਤੀ ਘੁੰਮਣ ਦਿਵਸ (Earth Rotation Day)

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ
INTERNATIONAL PAPER, 94636 01616
hardipchumber57@gmail.com

ਧਰਤੀ ਆਪਣੇ ਧੁਰੇ 'ਤੇ ਪੱਛਮ ਤੋਂ ਪੂਰਬ ਵੱਲ ਘੁੰਮਦੀ ਹੈ, ਜਿਸ ਕਾਰਨ ਦਿਨ ਅਤੇ ਰਾਤ ਹੁੰਦੀ ਹੈ ਅਤੇ ਇਸੇ ਕਰਕੇ ਸਾਨੂੰ ਦਿਨ ਅਤੇ ਰਾਤ ਦਾ ਅਨੁਭਵ ਹੁੰਦਾ ਹੈ। ਸਾਨੂੰ ਇਸਦਾ ਇਸ ਕਰਕੇ ਅਹਿਸਾਸ ਨਹੀਂ ਹੁੰਦਾ ਕਿਉਂਕਿ ਅਸੀਂ ਵੀ ਇਸਦੇ ਨਾਲ ਘੁੰਮਦੇ ਹਾਂ ਅਤੇ ਵਾਯੂਮੰਡਲ ਵੀ ਨਾਲ ਘੁੰਮਦਾ ਹੈ। ਇਹ ਲਗਭਗ 1000 ਮੀਲ ਪ੍ਰਤੀ ਘੰਟਾ (1600 ਕਿਲੋਮੀਟਰ ਪ੍ਰਤੀ ਘੰਟਾ) ਦੀ ਰਫ਼ਤਾਰ ਨਾਲ ਘੁੰਮਦੀ ਹੈ ਅਤੇ ਇੱਕ ਘੁੰਮਣ (ਰੋਟੇਸ਼ਨ) ਨੂੰ ਪੂਰਾ ਕਰਨ ਵਿੱਚ ਲਗਭਗ 24 ਘੰਟੇ (23 ਘੰਟੇ, 56 ਮਿੰਟ, 04 ਸੈਕਿੰਡ) ਲੱਗਦੇ ਹਨ, ਪਰ ਇਹ ਗਤੀ ਥੋੜ੍ਹੀ ਬਦਲਦੀ ਰਹਿੰਦੀ ਹੈ ਜਿਸ ਕਰਕੇ ਕਦੇ ਕਦੇ ਦਿਨ 24 ਘੰਟਿਆਂ ਤੋਂ ਛੋਟੇ ਹੋ ਜਾਂਦੇ ਹਨ।

ਹਰ ਸਾਲ 8 ਜਨਵਰੀ ਨੂੰ ਧਰਤੀ ਰੋਟੇਸ਼ਨ ਦਿਵਸ (ਅਰਥ ਰੋਟੇਸ਼ਨ ਡੇ) ਦੇ ਰੂਪ ਵਿੱਚ ਮਨਾਇਆ ਜਾਂਦਾ ਹੈ। ਦਰਅਸਲ 8 ਜਨਵਰੀ ਨੂੰ ਫਰਾਂਸੀਸੀ ਭੌਤਿਕ ਵਿਗਿਆਨੀ ਲਿਓਨ ਫੌਕਾਲਟ ਦੇ ਉਸ ਪ੍ਰਦਰਸ਼ਨ ਨੂੰ ਯਾਦ ਕੀਤਾ ਜਾਂਦਾ ਹੈ ਜੋ ਉਹਨਾਂ ਨੇ ਸਾਲ 1851 ਵਿੱਚ ਦਿਖਾਇਆ ਸੀ। ਲਿਓਨ ਫੌਕਾਲਟ ਨੇ 1851 ਵਿੱਚ ਇੱਕ ਮਾਡਲ ਰਾਹੀਂ ਸਭ ਤੋਂ ਪਹਿਲਾ ਇਹ ਦਿਖਾਇਆ ਕਿ ਧਰਤੀ ਆਪਣੇ ਧੁਰੇ 'ਤੇ ਕਿਵੇਂ ਘੁੰਮਦੀ ਹੈ। ਇਹ ਖੋਜ ਕਰਨ ਵਿੱਚ ਦਾਰਸ਼ਨਿਕਾਂ ਅਤੇ ਵਿਗਿਆਨੀਆਂ ਨੂੰ ਕਈ ਸਾਲ ਲੱਗ ਗਏ ਕਿ ਧਰਤੀ ਸੂਰਜ ਦੁਆਲੇ ਘੁੰਮਦੀ ਹੈ। ਲਗਭਗ 470 ਈਸਾ ਪੂਰਵ, ਕੁਝ ਯੂਨਾਨੀ ਖਗੋਲ ਵਿਗਿਆਨੀਆਂ ਨੇ ਖੋਜ ਕੀਤੀ ਸੀ ਕਿ ਧਰਤੀ ਆਪਣੇ ਆਪ ਘੁੰਮਦੀ ਹੈ ਅਤੇ ਇਸਨੂੰ ਸਾਬਤ ਕਰਨ ਲਈ ਕਈ ਪ੍ਰਯੋਗ ਕੀਤੇ ਸਨ। ਹਾਲਾਂਕਿ ਉਸ ਸਮੇਂ ਯੂਨਾਨੀ ਖਗੋਲ ਵਿਗਿਆਨੀਆਂ ਨੂੰ ਇਹ ਨਹੀਂ ਪਤਾ ਸੀ ਕਿ ਧਰਤੀ ਸੂਰਜ ਦੁਆਲੇ ਵੀ ਘੁੰਮਦੀ ਹੈ।

ਕਈ ਖੋਜਾਂ ਅਤੇ ਸਿੱਟਿਆਂ ਤੋਂ ਬਾਅਦ 8 ਜਨਵਰੀ 1851 ਨੂੰ ਫਰਾਂਸੀਸੀ ਭੌਤਿਕ ਵਿਗਿਆਨੀ ਲਿਓਨ ਫੌਕਾਲਟ ਨੇ ਪਹਿਲੀ ਵਾਰ ਇੱਕ ਪੈਂਡੂਲਮ ਦੀ ਵਰਤੋਂ ਕਰਕੇ ਦਿਖਾਇਆ ਕਿ ਧਰਤੀ ਆਪਣੇ ਧੁਰੇ 'ਤੇ ਘੁੰਮਦੇ ਹੋਏ ਸੂਰਜ ਦੁਆਲੇ ਚੱਕਰ ਕਿਵੇਂ ਲਗਾਉਂਦੀ ਹੈ। ਬਾਅਦ ਵਿੱਚ ਲਿਓਨ ਦੁਆਰਾ ਬਣਾਇਆ ਗਿਆ ਪੈਂਡੂਲਮ ਬਹੁਤ ਮਸ਼ਹੂਰ ਹੋ ਗਿਆ ਅਤੇ ਧਰਤੀ ਦੇ ਘੁੰਮਣ ਨੂੰ ਦਰਸਾਉਣ ਲਈ ਉਸੇ ਮਾਡਲ ਦੀ ਵਰਤੋਂ ਕੀਤੀ ਜਾਣ ਲੱਗੀ। ਬਾਅਦ ਵਿੱਚ ਲਿਓਨ ਦੇ ਪੈਂਡੂਲਮ ਮਾਡਲ ਨੂੰ ਪੈਰਿਸ ਆਬਜ਼ਰਵੇਟਰੀ ਦੇ ਨਾਲ-ਨਾਲ ਯੂਨਾਨ (ਗ੍ਰੀਸ) ਵਿੱਚ ਵੀ ਪ੍ਰਦਰਸ਼ਿਤ ਕੀਤਾ ਗਿਆ। ਅੱਜ ਵੀ ਇਹ ਦੁਨੀਆ ਭਰ ਦੇ ਕਈ ਖਗੋਲ ਵਿਗਿਆਨ ਨਾਲ ਸਬੰਧਤ ਅਜਾਇਬ ਘਰਾਂ ਵਿੱਚ ਦਿਖਾਇਆ ਜਾਂਦਾ ਹੈ।



ਗੋਬਿੰਦਰ ਸਿੰਘ ਢੀਂਡਸਾ
ਈਮੇਲ – bardwal.gobinder@gmail.com

# ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ ਗਣਤੰਤਰ ਦਿਵਸ - ਡਿਪਟੀ ਕਮਿਸ਼ਨਰ ਆਸ਼ਿਕਾ ਜੈਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਪ੍ਰਧਾਨਗੀ ਹੇਠ ਅੱਜ ਪੁਲਿਸ ਲਾਈਨ ਸਥਿਤ ਕਾਨਫਰੰਸ ਹਾਲ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ 26 ਜਨਵਰੀ ਨੂੰ ਹੋਣ ਵਾਲੇ ਗਣਤੰਤਰ ਦਿਵਸ ਸਮਾਰੋਹ ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹਾ ਪੱਧਰੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਪੱਸ਼ਟ ਹਦਾਇਤਾਂ ਦਿੱਤੀਆਂ ਕਿ ਸਾਰੇ ਅਧਿਕਾਰੀ ਆਪਣੀ ਡਿਊਟੀ ਪੂਰੀ ਗੰਭੀਰਤਾ, ਤਾਲਮੇਲ ਅਤੇ ਸਮਰਪਣ ਭਾਵਨਾ ਨਾਲ ਨਿਭਾਉਣ, ਤਾਂ ਜੋ ਇਸ ਰਾਸ਼ਟਰੀ ਤਿਉਹਾਰ ਨੂੰ ਸ਼ਰਧਾ, ਉਤਸ਼ਾਹ ਸਨਮਾਨ ਨਾਲ ਮਨਾਇਆ ਜਾ ਸਕੇ। ਡਿਪਟੀ ਕਮਿਸ਼ਨ ਆਸ਼ਿਕਾ ਜੈਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 26 ਜਨਵਰੀ ਨੂੰ ਜ਼ਿਲ੍ਹਾ ਪੱਧਰੀ ਗਣਤੰਤਰ ਦਿਵਸ ਪੁਲਿਸ ਲਾਈਨ ਗਰਾਊਂਡ, ਹੁਸ਼ਿਆਰਪੁਰ ਵਿਖੇ ਆਯੋਜਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਮੌਕੇ 'ਤੇ ਸੁਤੰਤਰਤਾ ਸੈਨਾਨੀਆਂ ਦੇ ਪਰਿਵਾਰਾਂ, ਵੀਰ ਨਾਰੀਆਂ ਅਤੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਸੇਵਾਵਾਂ ਦੇਣ ਵਾਲੀਆਂ ਉੱਘੀਆਂ ਸ਼ਖ਼ਸੀਅਤਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਪੁਲਿਸ ਨੂੰ ਸੁਰੱਖਿਆ ਦੇ ਪੁਖ਼ਤਾ ਪ੍ਰਬੰਧ ਕਰਨ ਦੇ ਨਾਲ-ਨਾਲ ਪਾਰਕਿੰਗ ਦੇ ਢੁਕਵੇਂ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਸਮਾਗਮ ਵਾਲੀ ਥਾਂ 'ਤੇ ਸਾਫ਼-ਸਫ਼ਾਈ, ਪੀਣ ਵਾਲੇ ਪਾਣੀ ਦੀ ਉਪਲਬੱਧਤਾ, ਅਸਥਾਈ ਪਖ਼ਾਨਿਆਂ ਦਾ ਪ੍ਰਬੰਧ ਅਤੇ ਸਿਹਤ ਵਿਭਾਗ ਵੱਲੋਂ ਮੈਡੀਕਲ ਟੀਮ ਦੀ ਤਾਇਨਾਤੀ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ ਗਿਆ। ਡਿਪਟੀ ਕਮਿਸ਼ਨਰ ਨੇ ਮਾਰਚ ਪਾਸਟ ਦੀ ਤਿਆਰੀ ਲਈ ਪੁਲਿਸ ਟੁਕੜੀਆਂ ਨੂੰ ਨਿਯਮਿਤ ਅਭਿਆਸ ਕਰਨ ਦੇ ਵੀ ਨਿਰਦੇਸ਼ ਦਿੱਤੇ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਨਿਰਦੇਸ਼ ਦਿੱਤੇ ਕਿ ਗਣਤੰਤਰ ਦਿਵਸ ਸਮਾਗਮ ਦੇ ਦੌਰਾਨ ਸਕੂਲੀ ਬੱਚਿਆਂ ਵੱਲੋਂ ਕੀਤੇ ਜਾਣ ਵਾਲੇ ਸੱਭਿਆਚਾਰਕ ਪ੍ਰੋਗਰਾਮਾਂ ਦੇ ਲਈ ਹੁਣ ਤੋਂ ਹੀ ਸਕੂਲਾਂ ਦੀ ਚੋਣ ਕਰ ਲਈ ਜਾਵੇ, ਤਾਂ ਜੋ ਪ੍ਰੋਗਰਾਮਾਂ ਦੀ ਗੁਣਵੱਤਾ ਅਤੇ ਸਮੇਂ ਦਾ ਪ੍ਰਬੰਧਨ ਬਣਿਆ ਰਹੇ। ਉਨ੍ਹਾਂ ਕਿਹਾ ਕਿ ਵਿਭਾਗਾਂ ਵੱਲੋਂ ਕੱਢੀਆਂ ਜਾਣ ਵਾਲੀਆਂ ਝਾਂਕੀਆਂ, ਬੈਂਡ, ਬੈਰੀਕੇਡਿੰਗ, ਪੰਡਾਲ ਦੀ ਸਜਾਵਟ, ਰਿਹਰਸਲ, ਪੁਰਸਕਾਰਾਂ ਅਤੇ ਸਰਟੀਫਿਕੇਟਾਂ ਦੀ ਵੰਡ ਸਮੇਤ ਸਾਰੇ ਪ੍ਰਬੰਧ ਸਮੇਂ ਸਿਰ ਪੂਰੇ ਕੀਤੇ ਜਾਣ ਤਾਂ ਜੋ ਸਮਾਗਮ ਯਾਦਗਾਰੀ ਹੋ ਸਕੇ। ਇਸ ਮੌਕੇ ਐਸ.ਐਸ.ਪੀ ਸੰਦੀਪ ਕੁਮਾਰ ਮਲਿਕ ਨੇ ਕਿਹਾ ਕਿ ਗਣਤੰਤਰ ਦਿਵਸ ਸਮਾਗਮ ਦੌਰਾਨ ਸੁਰੱਖਿਆ ਪ੍ਰਬੰਧ ਸਭ ਤੋਂ ਵੱਧ ਤਰਜੀਹ 'ਤੇ ਹੋਣਗੇ। ਇਸ ਲਈ ਲੋੜੀਂਦੀ ਪੁਲਿਸ ਫੋਰਸ ਦੀ ਤਾਇਨਾਤੀ, ਸੁਚਾਰੂ ਆਵਾਜਾਈ ਪ੍ਰਬੰਧਨ, ਡਾਇਵਰਸ਼ਨ ਯੋਜਨਾ ਅਤੇ ਆਮ ਲੋਕਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਸ਼ੇਸ਼ ਪ੍ਰਬੰਧ ਕੀਤੇ ਜਾਣਗੇ, ਤਾਂ ਜੋ ਕਿਸੇ ਵੀ ਕਿਸਮ ਦੀ ਅਸੁਵਿਧਾ ਨਾ ਹੋਵੇ।

# ਡੇਰਾ ਸੱਚਖੰਡ ਦੁੱਧਾਧਾਰੀ ਈਸਪੁਰ ਵਿਖ਼ੇ ਮਾਘੀ ਦਾ ਸਾਲਾਨਾ ਜੋੜ ਮੇਲਾ14 ਨੂੰ

## ਬ੍ਰਹਮਲੀਨ 108 ਸੰਤ ਮੰਗਲ ਦਾਸ ਜੀ ਦੀ ਯਾਦ ਨੂੰ ਸਮਰਪਿਤ ਇੱਕ ਖ਼ੂਨ ਦਾਨ ਕੈਂਪ ਵੀ ਲਗਾਇਆ ਜਾਵੇਗਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ / ਈਸਪੁਰ 4 ਜਨਵਰੀ (ਸੁਦ ਵਿਰਕ) ਡੇਰਾ ਸ੍ਰੀ 108 ਸੰਤ ਬਾਬਾ ਬਸਾਉ ਦਾਸ ਜੀ ਸੱਚਖੰਡ ਦੁੱਧਾਧਾਰੀ ਅਤੇ ਸੰਤ ਬਾਬਾ ਮੰਗਲ ਦਾਸ ਜੀ ਪਿੰਡ ਈਸਪੁਰ ਵਿਖੇ 14 ਜਨਵਰੀ ਨੂੰ ਸੰਤ ਬੀਬੀ ਪ੍ਰਕਾਸ਼ ਕੌਰ ਅਤੇ ਡੇਰਾ ਸੰਚਾਲਕ ਸ੍ਰੀ 108 ਸੰਤ ਹਰਵਿੰਦਰ ਦਾਸ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਾਘੀ ਦਾ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਜਾਵੇਗਾ। ਇਸ ਸਮਾਗਮ ਵਿੱਚ ਵੱਖ-ਵੱਖ ਕੀਰਤਨੀ ਅਤੇ ਰਾਗੀ ਜੱਥਿਆਂ ਤੇ ਸੰਤ-ਮਹਾਪੁਰਸ਼ਾਂ ਵੱਲੋਂ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਸਟੇਜ ਸਕੱਤਰ ਦੀ ਭੂਮਿਕਾ ਤਰਸੇਮ ਲਾਲ ਜੇ.ਈ. ਨੇ ਨਿਭਾਈ ਜਾਵੇਗੀ। ਸੰਗਤਾਂ ਨੂੰ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ। ਇਸ ਮਾਘੀ ਸਲਾਨਾ ਜੋੜ ਮੇਲੇ ਮੌਕੇ ਡੇਰਾ ਈਸਪੁਰ ਵਿਖੇ ਬ੍ਰਹਮਲੀਨ 108 ਸੰਤ ਮੰਗਲ ਦਾਸ ਜੀ ਦੀ ਯਾਦ ਨੂੰ ਸਮਰਪਿਤ ਇੱਕ ਖ਼ੂਨ ਦਾਨ ਕੈਂਪ ਬਲੱਡ ਡੋਨਰਸ ਪੰਜਾਬ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ।

# ਸੁੱਖ ਚਮਕੀਲਾ ਜੀ ਦਾ ਸਿੰਗਲ ਟਰੈਕ ,, ਗੁਰਪੁਰਬ ਗੁਰਾਂ ਦਾ,, ਦੀ ਰਿਕਾਰਡਿੰਗ ਬਹੁਤ ਜਲਦ : ਗੀਤਕਾਰ ਸੁਬਾ ਉਦੇਸੀਆ ਵਾਲਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 07 ਜਨਵਰੀ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ 7 ਜਨਵਰੀ (ਤਰਸੇਮ ਦੀਵਾਨਾ ) - ਸਾਹਿਬ-ਏ-ਕਮਾਲ ਧੰਨ ਧੰਨ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ 649 ਵੇ ਆਗਮਨ ਗੁਰਪੁਰਬ ਤੇ ਸੁੱਖ ਚਮਕੀਲਾ, ਦੀ ਅਵਾਜ਼ ਵਿੱਚ ਸੀ੍ ਗੁਰੂ ਰਵਿਦਾਸ ਜੀ ਦਾ ਸ਼ਬਦ,, ਗੁਰਪੁਰਬ ਗੁਰਾਂ ਦਾ,, ਦੀ ਰਿਕਾਰਡਿੰਗ ਬਹੁਤ ਜਲਦ ਕੀਤੀ ਜਾਂ ਰਹੀ ਹੈ ਇਸ ਸਿੰਗਲ ਟਰੈਕ ਨੂੰ ਕਲਮਬੱਧ ਗੀਤਕਾਰ ਸੂਬਾ ਉਦੇਸੀਆ ਵਾਲ਼ਾ ਆਦਮਪੁਰ ਵਲੋਂ ਕੀਤਾ ਗਿਆ ਹੈ ਅਤੇ ਪ੍ਰੋਡਿਊਸਰ ਜਵਾਹਰ ਭਰੋਲੀ ਵਲੋਂ ਰਿਲੀਜ਼ ਕੀਤਾ ਜਾਵੇਗਾ, ਹੋਰ ਜਾਣਕਾਰੀ ਦਿੰਦਿਆਂ ਗੀਤਕਾਰ ਸੂਬਾ ਉਦੇਸੀਆ ਵਾਲਾ ਨੇ ਦੱਸਿਆ ਕਿ ਇਸ ਸਿੰਗਲ ਟਰੈਕ ਦਾ ਮਿਊਜ਼ਿਕ ਜਵਾਹਰ ਭਰੋਲੀ ਵਲੋਂ ਤਿਆਰ ਕੀਤਾ ਜਾਵੇਗਾ ਅਤੇ ਇਸ ਦਾ ਵੀਡੀਓ ਬਿੱਟੂ ਅਰੋੜਾ ਵੱਲੋਂ ਧਾਰਮਿਕ ਸਥਾਨਾਂ ਤੇ ਸੂਟ ਕੀਤਾ ਜਾਵੇਗਾ ਇਸ ਧਾਰਮਿਕ ਗੀਤ ਨੂੰ ਕੰਪਨੀ ਜੇ ਆਰ ਸੀ ਵਲੋਂ ਰਿਲੀਜ਼ ਕੀਤਾ ਜਾਵੇਗਾ ਅਤੇ ਇਸ



ਗੀਤ ਨੂੰ ਯੂ ਟਿਊਬ ਦੇ ਨਾਲ ਨਾਲ ਧਾਰਮਿਕ ਚੈਨਲਾਂ ਤੇ ਚਲਾਇਆਂ ਜਾਵੇਗਾ

# ਸਰਪੰਚ ਸ: ਸੰਦੀਪ ਸਿੰਘ ਚੀਨਾ ਦੀ ਬਰਸੀ ਤੇ ਵਿਸ਼ੇਸ਼

"Equality and justice"
Patiala 07 January
INTERNATIONAL PAPER, 94636 01616
hardipchumber57@gmail.com

ਬਲਵਿੰਦਰ ਕੌਰ ਲਗਾਣਾ
ਵਾਰਡ ਨੰਬਰ 9 ਦਸੂਹਾ
ਪੇਸ਼ਕਸ- ਅੰਗਰੇਜ ਸਿੰਘ ਵਿੱਕੀ

ਦਰਦ ਵਿਛੋੜਾ ਜਰ ਨੀ ਹੁੰਦਾ,
ਮਰਿਆ ਦੇ ਨਾਲ ਮਰ ਨੀ ਹੁੰਦਾ।

ਸਭ ਦਿਲਾਸਾ ਦਿੰਦੇ ਜੀਣਾ ਪੈਣਾ,
ਘੁੱਟ ਸਬਰ ਦਾ ਤਾਂ ਪੀਣਾ ਪੈਣਾ।

' ਸੰਦੀਪ ਚੀਨੇ 'ਐਸੀ ਉਡਾਰੀ ਬੇਵਕਤੀ ਮਾਰੀ,
ਪਲ ਚ ਹੀ ਉਜੜੀ ਦੁਨੀਆਂ ਸਾਰੀ।

ਮਾਪਿਆਂ ਦਾ ਸੀ ਪੁੱਤਰ ਪਿਆਰਾ,
ਭੈਣ ਭਰਾਵਾਂ ਦੀ ਅੱਖ ਦਾ ਤਾਰਾ।

ਧਰਮ ਪਤਨੀ ਅਤੇ ਬੱਚਿਆਂ ਨੂੰ,
ਸੀ ਜਾਨ ਤੋਂ ਵੀ ਵੱਧ ਪਿਆਰਾ।

ਦਰਦਵੰਦਾਂ ਦਾ ਦਰਦੀ ਬਣਦਾ,



ਲੋੜਵੰਦਾਂ ਦੀ ਲੋੜ ਪੂਰੀ ਕਰਦਾ

ਹਰ ਦੇ ਦੁੱਖ ਸੁੱਖ ਵਿੱਚ ਖੜ੍ਹਦਾ,
ਵਿੱਚ ਸਮਾਜ ਰਹਿ ਸੇਵਾ ਕਰਦਾ।

ਜੈ ਭੀਮ,ਜੈ ਭਾਰਤ ਦਾ ਨਾਅਰਾ ਲਾਉਦਾ,
ਸੰਵਿਧਾਨ ਦਾ ਪ੍ਰਚਾਰਕ ਕਹਿਲਾਉਂਦਾ

ਕਈ ਸੰਸਥਾਵਾਂ ਦਾ ਮੈਂਬਰ ਬਣ ਕੇ,
ਆਪਣਾ ਮੁੱਢਲਾ ਫਰਜ਼ ਨਿਭਾਉਂਦਾ।

ਯਾਦਾਂ, ਰਹਿੰਦੀਆਂ ਨੇ ਤੜਫਾਉਦੀਆਂ
ਭਰਮ ਭੁਲੇਖੇ ਰਹਿੰਦੀਆਂ ਪਾਉਂਦੀਆਂ

ਟੰਗੀਆਂ ਫੋਟੋ, ਭਾਂਬੜ ਮਚਾਉਂਦੀਆਂ,
ਪਲ ਪਲ,ਭਰਮ ਚ ਰਹਿੰਦੀਆਂ ਪਾਉਂਦੀਆਂ।

# ਇਸ ਵਾਰ ਮੌਕਾ ਬਸਪਾ ਨੂੰ ਦਿਓ ਜੀ- ਚਰਨਜੀਤ ਸੱਲ੍ਹਾਂ

"Equality and justice"
Patiala 07 January
INTERNATIONAL PAPER, 94636 01616
hardipchumber57@gmail.com

